ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

**International Daily Newspaper & WEB TV**

awazeqaumtvpunjab@gmail.com

ਮੰਗਲਵਾਰ, 19 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੬ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243


# ਅਫਗਾਨਿਸਤਾਨ ਦੇ ਅੰਦਰੂਨੀ ਇਲਾਕਿਆਂ ’ਚ ਪਾਕਿਸਤਾਨ ਨੇ ਕੀਤੇ ਹਵਾਈ ਹਮਲੇ, 8 ਲੋਕਾਂ ਦੀ ਮੌਤ

**ਇਸਲਾਮਾਬਾਦ/ਕਾਬੁਲ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਅਸ਼ਾਂਤ ਸ਼ਹਿਰਾਂ ਵਿਚ ਹਾਲ ਹੀ ਵਿਚ ਹੋਏ ਅੱਤਵਾਦੀ ਹਮਲਿਆਂ ਤੋਂ ਬਾਅਦ ਦੋਵਾਂ ਗੁਆਂਢੀ ਦੇਸ਼ਾਂ ਵਿਚਾਲੇ ਛਿੜੀ ਸ਼ਬਦੀ ਜੰਗ ਦੇ ਵਿਚਕਾਰ, ਪਾਕਿਸਤਾਨ ਨੇ ਸੋਮਵਾਰ ਨੂੰ ਅਫਗਾਨਿਸਤਾਨ ਦੇ ਅੰਦਰੂਨੀ ਇਲਾਕਿਆਂ ਵਿਚ ਹਵਾਈ ਹਮਲੇ ਕੀਤੇ, ਜਿਸ ਵਿਚ ਤਿੰਨ ਬੱਚਿਆਂ ਸਮੇਤ 8 ਨਾਗਰਿਕ ਮਾਰੇ ਗਏ। ਅਫਗਾਨਿਸਤਾਨ ਦੇ ਤਾਲਿਬਾਨ ਨੇ ਇਹ ਜਾਣਕਾਰੀ ਦਿੱਤੀ ਹੈ। ਅਫਗਾਨਿਸਤਾਨ ਦੀ ਅੰਤਰਿਮ ਸਰਕਾਰ ਦੇ ਇਕ ਸੀਨੀਅਰ ਅਧਿਕਾਰੀ ਨੇ ਸੋਮਵਾਰ ਨੂੰ ਹਮਲਿਆਂ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਦੇਸ਼ ਦੇ ਪਕਤਿਕਾ ਅਤੇ ਖੋਸਤ ਸੂਬਿਆਂ ਦੇ ਖੇਤਰਾਂ ਨੂੰ ਨਿਸ਼ਾਨਾ ਬਣਾਇਆ ਗਿਆ। ਫਿਲਹਾਲ ਪਾਕਿਸਤਾਨ ਵਲੋਂ ਇਸ ’ਤੇ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ’ਡਾਨ’ ਅਖਬਾਰ ਨੇ ਕਾਬੁਲ ਤੋਂ ਆਪਣੀ ਖ਼ਬਰ ’ਚ ਦੱਸਿਆ ਕਿ ਅਫਗਾਨਿਸਤਾਨ ਦੇ ਬੁਲਾਰੇ ਜ਼ਬੀਉੱਲ੍ਹਾ ਮੁਜਾਹਿਦ ਨੇ ਇਕ ਬਿਆਨ ’ਚ ਪਾਕਿਸਤਾਨੀ ਜਹਾਜ਼ਾਂ ਵੱਲੋਂ ਹਮਲੇ ਕੀਤੇ ਜਾਣ ਦਾ ਦੋਸ਼ ਲਗਾਇਆ ਹੈ। ਮੁਜਾਹਿਦ ਨੇ ਕਿਹਾ, ”ਤੜਕੇ 3 ਵਜੇ ਦੇ ਕਰੀਬ ਪਾਕਿਸਤਾਨੀ ਜਹਾਜ਼ਾਂ ਨੇ ਖੋਸਤ ਅਤੇ ਪਕਤਿਕਾ ਸੂਬਿਆਂ ’ਚ ਲੋਕਾਂ ਦੇ ਘਰਾਂ ’ਤੇ ਬੰਬਾਰੀ ਕੀਤੀ।” ਉਨ੍ਹਾਂ ਦਾਅਵਾ ਕੀਤਾ ਕਿ ਔਰਤਾਂ ਅਤੇ ਬੱਚਿਆਂ ਸਮੇਤ 8 ਲੋਕਾਂ ਦੀ ਮੌਤ ਹੋ ਗਈ ਹੈ। ਮੁਜਾਹਿਦ ਨੇ ਦੱਸਿਆ ਕਿ ਪਾਕਿਸਤਾਨੀ ਜਹਾਜ਼ਾਂ ਨੇ ਪਕਤਿਕਾ ਦੇ ਬਰਮਲ ਜ਼ਿਲ੍ਹੇ ਦੇ ਲਮਾਨ ਇਲਾਕੇ ’ਚ ਹਮਲੇ ਕੀਤੇ। ਦੋਸ਼ ਲਾਇਆ ਕਿ “ਆਮ ਲੋਕਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਪਕਤਿਕਾ ਵਿੱਚ ਇੱਕ ਘਰ ਢਹਿ ਜਾਣ ਕਾਰਨ ਤਿੰਨ ਔਰਤਾਂ ਅਤੇ ਤਿੰਨ ਬੱਚਿਆਂ ਦੀ ਮੌਤ ਹੋ ਗਈ ਜਦਕਿ ਖੋਸਤ ਵਿੱਚ ਇੱਕ ਘਰ ਤਬਾਹ ਹੋ ਗਿਆ ਅਤੇ ਦੋ ਔਰਤਾਂ ਦੀ ਮੌਤ ਹੋ ਗਈ। ਬੁਲਾਰੇ ਨੇ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਬੇਰਹਿਮ ਕਾਰਵਾਈ ਅਤੇ ਅਫ਼ਗਾਨ ਸਰਹੱਦ ਦੀ ਉਲੰਘਣਾ ਕਰਾਰ ਦਿੱਤਾ। ਮੁਜਾਹਿਦ ਨੇ ਪਾਕਿਸਤਾਨ ਨੂੰ ਕਿਹਾ ਕਿ ਉਹ ਆਪਣੀਆਂ ਸਮੱਸਿਆਵਾਂ ਅਤੇ ਹਿੰਸਕ ਘਟਨਾਵਾਂ ’ਤੇ ਕਾਬੂ ਪਾਉਣ ’ਚ ਅਸਫਲਤਾ ਲਈ ਅਫਗਾਨਿਸਤਾਨ ਨੂੰ ਜ਼ਿੰਮੇਦਾਰ ਠਹਿਰਾਉਣਾ ਬੰਦ ਕੇ। ਉਨ੍ਹਾਂ ਚੇਤਾਵਨੀ ਦਿੱਤੀ, “ਇਸ ਤਰ੍ਹਾਂ ਦੀਆਂ ਕਾਰਵਾਈਆਂ ਦੇ ਗੰਭੀਰ ਨਤੀਜੇ ਹੋਣਗੇ, ਜਿਨ੍ਹਾਂ ਨੂੰ ਪਾਕਿਸਤਾਨ ਵੀ ਨਹੀਂ ਝੱਲ ਸਕੇਗਾ।” ਪਾਕਿਸਤਾਨ ਦੇ ਵਜ਼ੀਰਿਸਤਾਨ ’ਚ ਸੁਰੱਖਿਆ ਬਲਾਂ ਦੀ ਚੌਕੀ ’ਤੇ ਹੋਏ ਅੱਤਵਾਦੀ ਹਮਲੇ ’ਚ ਦੋ ਅਧਿਕਾਰੀਆਂ ਸਮੇਤ 7 ਸੈਨਿਕਾਂ ਦੇ ਮਾਰੇ ਜਾਣ ਤੋਂ ਬਾਅਦ ਰਾਸ਼ਟਰਪਤੀ ਆਸਿਫ ਅਲੀ ਜ਼ਰਦਾਰੀ ਨੇ ਐਤਵਾਰ ਨੂੰ ਜਵਾਬੀ ਕਾਰਵਾਈ ਕਰਨ ਦਾ ਸੰਕਲਪ ਲਿਆ ਸੀ। ਇਸ ਤੋਂ ਠੀਕ ਇੱਕ ਦਿਨ ਬਾਅਦ ਅਫਗਾਨਿਸਤਾਨ ਵਿੱਚ ਇਹ ਹਮਲੇ ਹੋਏ। ਜ਼ਰਦਾਰੀ ਨੇ ਐਤਵਾਰ ਨੂੰ ਕਿਹਾ ਸੀ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਵਿਅਰਥ ਨਹੀਂ ਜਾਣਗੀਆਂ ਅਤੇ ਦੇਸ਼ ਇਨ੍ਹਾਂ ਮੌਤਾਂ ਦਾ ਬਦਲਾ ਲਵੇਗਾ। ਰਾਸ਼ਟਰਪਤੀ ਨੇ ਕਿਹਾ ਕਿ ਜੇਕਰ ਕਿਸੇ ਨੇ ਉਸ ਦੀ ਸਰਹੱਦ ਅੰਦਰ ਹਮਲਾ ਕੀਤਾ ਤਾਂ ਪਾਕਿਸਤਾਨ ਜਵਾਬੀ ਕਾਰਵਾਈ ਕਰਨ ਤੋਂ ਪਿੱਛੇ ਨਹੀਂ ਹਟੇਗਾ।

## ਅਫਗਾਨ ਤਾਲਿਬਾਨ ਦਾ ਦਾਅਵਾ; 8 ਲੋਕਾਂ ਦੀ ਮੌਤ ਦਾ ਬਦਲਾ ਲੈਣ ਲਈ ਪਾਕਿ ਦੇ ਫੌਜੀ ਟਿਕਾਣਿਆਂ ’ਤੇ ਕੀਤਾ ਹਮਲਾ

**ਕਾਬੁਲ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਫਗਾਨਿਸਤਾਨ ਦੇ ਅੰਦਰੂਨੀ ਇਲਾਕਿਆਂ ਵਿਚ ਪਾਕਿਸਤਾਨ ਵੱਲੋਂ ਕੀਤੇ ਗਏ ਹਵਾਈ ਹਮਲਿਆਂ ਵਿਚ 8 ਲੋਕਾਂ ਦੇ ਮਾਰੇ ਜਾਣ ਦੇ ਕੁੱਝ ਘੰਟਿਆਂ ਬਾਅਦ ਹੀ ਅਫਗਾਨਿਸਤਾਨ



ਤਾਲਿਬਾਨ ਦਾ ਬਿਆਨ ਸਾਹਮਣੇ ਆਇਆ ਹੈ। ਅਫਗਾਨ ਤਾਲਿਬਾਨ ਨੇ ਐਲਾਨ ਕੀਤਾ ਹੈ ਉਸ ਨੇ ਇਨ੍ਹਾਂ ਹਵਾਈ ਹਮਲਿਆਂ ਦਾ ਬਦਲਾ ਲੈਣ ਲਈ ਸਰਹੱਦ ਪਾਰ ਪਾਕਿਸਤਾਨੀ ਫ਼ੌਜੀ ਟਿਕਾਣਿਆਂ ਉੱਤੇ ਹਮਲੇ ਕੀਤੇ ਹਨ। ਅਫਗਾਨਿਸਤਾਨ ਦੀ ਅੰਤਰਿਮ ਸਰਕਾਰ ਦੇ ਇਕ ਸੀਨੀਅਰ ਅਧਿਕਾਰੀ ਨੇ ਸੋਮਵਾਰ ਨੂੰ ਹਮਲਿਆਂ ਦੀ ਪੁਸ਼ਟੀ ਕਰਦੇ ਹੋਏ ਦੱਸਿਆ ਸੀ ਕਿ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਦੇਸ਼ ਦੇ ਪਕਤਿਕਾ ਅਤੇ ਖੋਸਤ ਸੂਬਿਆਂ ਦੇ ਖੇਤਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਫਿਲਹਾਲ ਪਾਕਿਸਤਾਨ ਵਲੋਂ ਇਸ ’ਤੇ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ਮੁਜਾਹਿਦ ਨੇ ਕਿਹਾ ਸੀ, ”ਤੜਕੇ 3 ਵਜੇ ਦੇ ਕਰੀਬ ਪਾਕਿਸਤਾਨੀ ਜਹਾਜ਼ਾਂ ਨੇ ਖੋਸਤ ਅਤੇ ਪਕਤਿਕਾ ਸੂਬਿਆਂ ’ਚ ਲੋਕਾਂ ਦੇ ਘਰਾਂ ’ਤੇ ਬੰਬਾਰੀ ਕੀਤੀ।” ਉਨ੍ਹਾਂ ਦਾਅਵਾ ਕੀਤਾ ਕਿ ਔਰਤਾਂ ਅਤੇ ਬੱਚਿਆਂ ਸਮੇਤ 8 ਲੋਕਾਂ ਦੀ ਮੌਤ ਹੋ ਗਈ ਹੈ। ਮੁਜਾਹਿਦ ਨੇ ਦੱਸਿਆ ਕਿ ਪਾਕਿਸਤਾਨੀ ਜਹਾਜ਼ਾਂ ਨੇ ਪਕਤਿਕਾ ਦੇ ਬਰਮਲ ਜ਼ਿਲ੍ਹੇ ਦੇ ਲਮਾਨ ਇਲਾਕੇ ’ਚ ਹਮਲੇ ਕੀਤੇ।




## ਸ਼ਹੀਦ ਭਾਈ ਕਿਹਰ ਸਿੰਘ ਜੀ ਦੇ ਸਪੁੱਤਰ ਭਾਈ ਸਤਵੰਤ ਸਿੰਘ ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਚੋਣ ਲੜ ਸਕਦੇ ਹਨ !

**ਸ੍ਰੀ ਫ਼ਤਹਿਗੜ੍ਹ ਸਾਹਿਬ , 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਭਾਈ ਕਿਹਰ ਸਿੰਘ ਜੀ ਦੇ ਸਪੁੱਤਰ ਭਾਈ



ਸਤਵੰਤ ਸਿੰਘ ਲੋਕ ਸਭਾ ਸੀਟ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਚੋਣ ਲੜ ਸਕਦੇ ਹਨ। ਭਰੋਸੇਯੋਗ ਸੂਤਰਾਂ ਤੋਂ ਪ੍ਰਾਪਤ ਰਿਪੋਰਟਾਂ ਅਨੁਸਾਰ ਭਾਈ ਸਤਵੰਤ ਸਿੰਘ ਨੇ ਸਾਰੀਆਂ ਪੰਥਕ ਜਥੇਬੰਦੀਆਂ, ਮੁਸਲਿਮ ਭਾਈਚਾਰੇ ਨਾਲ ਸੰਬੰਧਤ ਜਥੇਬੰਦੀਆਂ ਸਮੇਤ ਹੋਰਨਾਂ ਭਾਈਚਾਰਕ ਜਥੇਬੰਦੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਸਿੰਘਾਂ ਦੀ ਰਿਹਾਈ ਅਤੇ ਹੋਰ ਪੰਥਕ ਮੁੱਦਿਆਂ ਦੇ ਹੱਲ ਲਈ ਇਹ ਚੋਣ ਲੜਨਾ ਜ਼ਰੂਰੀ ਹੈ ਤਾਂ ਜੋ ਆਪਣੇ ਹੱਕਾਂ ਲਈ ਸੰਸਦ ਵਿੱਚ ਆਵਾਜ਼ ਬੁਲੰਦ ਕੀਤੀ ਜਾ ਸਕੇ ਅਤੇ ਆਪਣੇ ਹੱਕ ਪ੍ਰਾਪਤ ਕੀਤੇ ਜਾ ਸਕਣ। ਅਨੇਕਾਂ ਜਥੇਬੰਦੀਆ ਨੇ ਭਾਈ ਸਾਹਿਬ ਦਾ ਸਾਥ ਅਤੇ ਸਹਿਯੋਗ ਦੇਣ ਦਾ ਵਾਅਦਾ ਕੀਤਾ ਹੈ।

## ਪੰਜਾਬ ਦੇ ਸਾਬਕਾ ਮੁੱਖ ਮੰਤਰੀ ਨੂੰ ਧਮਕੀ ਦੇਣ ਵਾਲਾ ਸ਼ਖ਼ਸ ਗ੍ਰਿਫ਼ਤਾਰ, ਪੁਲਸ ਨੇ ਨਾਗਪੁਰ ਤੋਂ ਫੜ੍ਹਿਆ

**ਰੂਪਨਗਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ



ਸਿੰਘ ਚੰਨੀ ਨੂੰ ਬੀਤੇ ਦਿਨੀਂ ਧਮਕੀ ਦੇਣ ਵਾਲੇ ਸ਼ਖ਼ਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਕਤ ਵਿਅਕਤੀ ਵਲੋਂ ਫੋਨ ਜ਼ਰੀਏ ਸਾਬਕਾ ਮੁੱਖ ਮੰਤਰੀ ਨੂੰ ਧਮਕੀ ਦਿੱਤੀ ਗਈ ਸੀ। ਪੁਲਸ ਨੇ ਉਕਤ ਸ਼ਖ਼ਸ ਨੂੰ ਨਾਗਪੁਰ ਤੋਂ ਗ੍ਰਿਫ਼ਤਾਰ ਕੀਤਾ ਹੈ। ਮੁੱਖ ਮੰਤਰੀ ਨੂੰ ਧਮਕੀ ਦੇਣ ਵਾਲੇ ਵਿਅਕਤੀ ਦੀ ਪਛਾਣ ਦੀਪਕ ਵਾਸੀ ਮਹਾਰਾਸ਼ਟਰ ਵਜੋਂ ਹੋਈ ਸੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਕੋਲੋਂ ਇੱਕ ਲੈਪਟਾਪ ਅਤੇ 2 ਮੋਬਾਇਲ ਫੋਨ ਬਰਾਮਦ ਕੀਤੇ ਗਏ ਹਨ। ਇਸ ਵਿਅਕਤੀ ਨੂੰ ਅਦਾਲਤ ਵਿਚ ਪੇਸ਼ ਕਰਕੇ 3 ਦਿਨ ਦਾ ਪੁਲਸ ਰਿਮਾਂਡ ਲੈ ਕੇ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ। ਇਸ ਬਾਰੇ ਗੱਲਬਾਤ ਕਰਦਿਆਂ ਸਾਬਕਾ ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਉਨ੍ਹਾਂ ਨੇ ਐੱਸ. ਐੱਸ. ਪੀ. ਰੋਪੜ ਦੀ ਵੀਡੀਓ ਦੇਖੀ ਹੈ, ਜਿਸ ’ਚ ਉਹ ਕਹਿ ਰਹੇ ਹਨ ਕਿ ਚੰਨੀ ਸਾਹਿਬ ਨੂੰ ਧਮਕੀ ਦੇਣ ਵਾਲੇ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਚਰਨਜੀਤ ਚੰਨੀ ਨੇ ਕਿਹਾ ਕਿ ਪੁਲਸ ਨੇ ਇਹ ਗੈਰ ਪੰਜਾਬੀ ਬੰਦਾ ਨਾਗਪੁਰ ਤੋਂ ਫੜ੍ਹ ਕੇ ਲਿਆਂਦਾ ਹੈ ਪਰ ਜਿਹੜੇ ਬੰਦੇ ਨੇ ਉਨ੍ਹਾਂ ਨੂੰ ਧਮਕੀ ਦਿੱਤੀ ਸੀ, ਉਹ ਪੂਰੀ ਪੰਜਾਬੀ ਬੋਲਦਾ ਸੀ ਅਤੇ ਲਿਖਦਾ ਸੀ। ਉਨ੍ਹਾਂ ਕਿਹਾ ਕਿ ਫੜ੍ਹਿਆ ਗਿਆ ਬੰਦਾ ਗੈਰ ਪੰਜਾਬੀ ਹੈ ਅਤੇ ਕਿਸੇ ਤਰ੍ਹਾਂ ਵੀ ਇਹ ਬੰਦਾ ਧਮਕੀ ਦੇਣ ਵਾਲਾ ਨਹੀਂ ਹੋ ਸਕਦਾ ਅਤੇ ਇਸ ’ਚ ਕੋਈ ਸੱਚਾਈ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਪੁਲਸ ਅਤੇ ਸਰਕਾਰ ਨੇ ਮਿਲ ਕੇ ਡਰਾਮੇਬਾਜ਼ੀ ਕੀਤੀ ਹੈ। ਜਿਹੜੇ ਬੰਦੇ ਨੇ ਮੈਨੂੰ ਧਮਕੀ ਦਿੱਤੀ ਹੈ, ਉਹ ਠੇਠ ਪੰਜਾਬੀ ਬੋਲ ਰਿਹਾ ਸੀ ਅਤੇ ਗੈਰ ਪੰਜਾਬੀ ਬੰਦੇ ਦਾ ਕਦੇ ਪੰਜਾਬੀ ਵਾਲਾ ਲਹਿਜ਼ਾ ਨਹੀਂ ਬਣਦਾ। ਉਨ੍ਹਾਂ ਕਿਹਾ ਕਿ ਇਸ ਬੰਦੇ ਨੇ ਮੈਨੂੰ ਧਮਕੀ ਨਹੀਂ ਦਿੱਤੀ, ਸਗੋਂ ਪੁਲਸ ਨੇ ਬਿਨਾਂ ਮਤਲਬ ਤੋਂ ਇਸ ਨੂੰ ਫੜ੍ਹ ਲਿਆ ਹੈ। ਚਰਨਜੀਤ ਚੰਨੀ ਨੇ ਕਿਹਾ ਕਿ ਉਕਤ ਬੰਦੇ ਨੇ ਕਿਸੇ ਬਾਈ ਨਾਲ ਵੀ ਮੇਰੀ ਗੱਲ ਕਰਾਉਣ ਲਈ ਕਿਹਾ ਸੀ ਪਰ ਮੈਂ ਇਨਕਾਰ ਕਰ ਦਿੱਤਾ ਸੀ ਅਤੇ ਉਨ੍ਹਾਂ ਨੂੰ ਸਮਝ ਆ ਗਈ ਸੀ ਕਿ ਮੇਰੇ ਕੋਲ ਕੁੱਝ ਨਹੀਂ ਹੈ, ਜਿਸ ਦੇ 2-3 ਦਿਨਾਂ ਬਾਅਦ ਉਨ੍ਹਾਂ ਨੂੰ ਫੋਨ ਆਉਣਾ ਬੰਦ ਹੋ ਗਿਆ ਸੀ। ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਪੰਜਾਬ ’ਚ ਵਿਗੜਦੀ ਹੋਈ ਕਾਨੂੰਨ-ਵਿਵਸਥਾ ਬਾਰੇ ਵੀ ਗੱਲ ਕੀਤੀ। ਜਦੋਂ ਉਨ੍ਹਾਂ ਤੋਂ ਲੋਕ ਸਭਾ ਚੋਣ ਲੜਨ ਬਾਰੇ ਪੁੱਛਿਆ ਗਿਆ ਤਾਂ ਉਹ ਇਸ ਨੂੰ ਟਾਲਦੇ ਹੋਏ ਨਜ਼ਰ ਆਏ। ਦੱਸਣਯੋਗ ਹੈ ਬੀਤੇ ਦਿਨੀਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੋਬਾਇਲ ਫੋਨ ’ਤੇ ਧਮਕੀ ਭਰੀ ਕਾਲ ਕਰਕੇ ਕਿਸੇ ਵਿਅਕਤੀ ਵਲੋਂ 2 ਕਰੋੜ ਰੁਪਏ ਦੀ ਮੰਗ ਕੀਤੀ ਗਈ ਸੀ।


ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪੰਜਾਬੀ ਅਦਾਕਾਰਾ ਨੀਰੂ ਬਾਜਵਾ ਅੰਮ੍ਰਿਤਸਰ ਅਦਾਲਤ ’ਚ ਹੋਈ ਪੇਸ਼, ਮੰਗੀ ਮੁਆਫੀ

**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਸਾਲ ਰਿਲੀਜ਼ ਹੋਈ



ਪੰਜਾਬੀ ਫ਼ਿਲਮ ’ਬੂਹੇ ਬਾਰੀਆਂ’ ਨੂੰ ਲੈ ਕੇ ਲਗਾਤਾਰ ਵਿਵਾਦ ਚੱਲ ਰਿਹਾ ਹੈ। ਦਰਅਸਲ, ਇਸ ਫ਼ਿਲਮ ਦੇ ਕੁਝ ਸ਼ਬਦਾਂ ਨੂੰ ਲੈ ਕੇ ਵਾਲਮੀਕ ਭਾਈਚਾਰੇ ਵਲੋਂ ਇਤਰਾਜ਼ ਜਤਾਇਆ ਗਿਆ, ਜਿਸ ’ਚ ਉਨ੍ਹਾਂ ਦਾ ਕਹਿਣਾ ਕਿ ਫ਼ਿਲਮ ’ਚ ਵਾਲਮੀਕ ਸਮਾਜ ਨੂੰ ਨੀਵਾਂ ਦਿਖਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਹਾਲਾਂਕਿ ਬਾਅਦ ’ਚ ਫ਼ਿਲਮ ਨਾਲ ਜੁੜੇ ਕਲਾਕਾਰਾਂ ਵੱਲੋਂ ਇਸ ’ਤੇ ਮੁਆਫੀ ਵੀ ਮੰਗੀ ਗਈ। ਦੱਸ ਦਈਏ ਕਿ ਅੱਜ ’ਬੂਹੇ ਬਾਰੀਆਂ’ ਫ਼ਿਲਮ ਦੀ ਅਦਾਕਾਰਾ ਨੀਰੂ ਬਾਜਵਾ ਅੰਮ੍ਰਿਤਸਰ ਅਦਾਲਤ ’ਚ ਪੇਸ਼ ਹੋਈ। ਇਸ ਦੌਰਾਨ ਫ਼ਿਲਮ ਲੇਖਕ ਜਗਦੀਪ ਵੜਿੰਗ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਅਦਾਕਾਰਾ ਨੀਰੂ ਬਾਜਵਾ ਅਤੇ ਜਗਦੀਪ ਵੜਿੰਗ ਨੇ ਕਿਹਾ ਕਿ ਅਸੀ ਅਦਾਲਤ ’ਚ ਮੁਆਫੀ ਮੰਗੀ ਹੈ। ਅਸੀ ਸੋਸ਼ਲ ਮੀਡੀਆ ’ਤੇ ਵੀ ਮੁਆਫੀ ਮੰਗੀ ਹੈ। ਰਾਮ ਤੀਰਥ ਮੰਦਰ ’ਚ ਜਾ ਕੇ ਵੀ ਮੁਆਫੀ ਮੰਗੀ ਹੈ। ਜਗਦੀਪ ਵੜਿੰਗ ਨੇ ਕਿਹਾ ਕਿ ਕੁਝ ਲੋਕਾਂ ਨੂੰ ਫ਼ਿਲਮ ’ਚ ਵਰਤੇ ਗਏ ਸ਼ਬਦਾਂ ’ਤੇ ਇਤਰਾਜ਼ ਸੀ। ਅਸੀਂ ਕਿਸੇ ਦਾ ਦਿਲ ਨਹੀਂ ਦੁਖਾਉਣਾ ਨਹੀ ਚਾਹੁੰਦੇ ਸੀ। ਦੱਸਣਯੋਗ ਹੈ ਕਿ ਪੰਜਾਬੀ ਫ਼ਿਲਮ ’ਬੂਹੇ ਬਾਰੀਆਂ’ ਦਾ ਵਿਰੋਧ ਕਰਨ ਵਾਲਿਆਂ ਦਾ ਤਰਕ ਸੀ ਕਿ ਫ਼ਿਲਮ ’ਚ ਉੱਚੀ ਤੇ ਨੀਵੀਂ ਜਾਤੀ ਦੇ ਕਿਰਦਾਰ ਦਿਖਾਏ ਗਏ ਹਨ ਕਿ ਜਿਹੜੇ ਛੋਟੀ ਜਾਤ ਦੇ ਲੋਕ ਨੇ, ਉਹ ਗੋਹਾ ਕੂੜਾ ਚੁੱਕਣ ਵਾਲੇ ਲੋਕ ਹਨ ਤੇ ਉਹ ਕਦੇ ਸਰਪੰਚੀ ਦੀ ਚੋਣ ਨਹੀਂ ਲੜ ਸਕਦੇ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਫੂਲਨ ਦੇਵੀ ਨੂੰ ਵੀ ਇਸ ਫ਼ਿਲਮ ’ਚ ਗ਼ਲਤ ਦਿਖਾਇਆ ਗਿਆ ਹੈ, ਜਦਕਿ ਫ਼ਿਲਮ ਦੇ ਅਦਾਕਾਰਾਂ ਨੂੰ ਫੂਲਨ ਦੇਵੀ ਦਾ ਇਤਿਹਾਸ ਪਤਾ ਕਰ ਲੈਣਾ ਚਾਹੀਦਾ ਸੀ। ਇਸ ਦੇ ਨਾਲ ਹੀ ਆਗੂਆਂ ਦਾ ਕਹਿਣਾ ਕਿ ਜਦੋਂ ਸਾਡੇ ਬੱਚੇ ਅਜਿਹੀਆਂ ਫ਼ਿਲਮਾਂ ਦੇਖਣਗੇ ਤਾਂ ਉਨ੍ਹਾਂ ’ਤੇ ਵੀ ਮਾੜਾ ਪ੍ਰਭਾਵ ਪਵੇਗਾ। ਉੱਥੇ ਹੀ ਮੁੱਖ ਸ਼ਿਕਾਇਤ ਕਰਤਾ ਸਿਮਰਨ ਤੇ ਅਮਨ ਵੱਲੋਂ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪੰਜਾਬੀ ਫ਼ਿਲਮ ’ਬੂਹੇ ਬਾਰੀਆਂ’ ਪਿਛਲੇ ਸਮੇਂ ’ਚ ਰਿਲੀਜ਼ ਹੋਈ ਸੀ, ਜਿਸ ’ਚ ’ਬੂਹੇ ਬਾਰੀਆਂ’ ਦੇ ਟਰੈਕਟਰ ਤੇ ਫ਼ਿਲਮ ਦੀ ਅਦਾਕਾਰਾ ਨੀਰੂ ਬਾਜਵਾ ਖ਼ਿਲਾਫ਼ ਸਾਡੇ ਵੱਲੋਂ ਰੋਸ਼ ਪ੍ਰਦਰਸ਼ਨ ਕੀਤਾ ਗਿਆ ਸੀ। ਜਿਸ ਦੇ ਚਲਦੇ ਪੁਲਸ ਵਲੋਂ ਮਾਮਲਾ ਦਰਜ ਕਰਨਾ ਪਿਆ ਤੇ ਅੱਜ ਉਨ੍ਹਾਂ ਦੀ ਤਾਰੀਖ ਸੀ। ਇਸ ਫ਼ਿਲਮ ’ਚ ਨੀਰੂ ਬਾਜਵਾ ਵੱਲੋਂ ਸਾਡੇ ਭਾਈਚਾਰੇ ਦੀਆਂ ਧੀਆਂ ਤੇ ਭੈਣਾਂ ਖ਼ਿਲਾਫ਼ ਗਲਤ ਸ਼ਬਦਾਵਲੀ ਵਰਤੀ ਗਈ ਸੀ। ਅੱਜ ਉਨ੍ਹਾਂ ਵੱਲੋਂ ਮਾਫੀ ਮੰਗ ਲਈ ਗਈ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap


26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

# ਜੇਕਰ ਸੁਖਬੀਰ ਬਾਦਲ ਨੇ ਕਿਸਾਨਾਂ ਤੇ ਬੰਦੀ ਸਿੰਘਾਂ ਦੀਆਂ ਛਾਤੀਆਂ ਟੱਪਕੇ ਭਾਜਪਾ ਨਾਲ਼ ਸਮਝੌਤਾ ਕੀਤਾ ਤਾਂ ਇਹ ਮੱਚਦੀ ਅੱਗ ਨਾਲ ਖੇਡਣ ਵਾਲੀ ਗੱਲ ਹੋਵੇਗੀ : ਭਾਈ ਮੋਹਕਮ ਸਿੰਘ

## ਕਾਲੇ ਝੰਡਿਆਂ ਨਾਲ ਸਮਝੌਤੇ ਦਾ ਵਿਰੋਧ ਕੀਤਾ ਜਾਵੇਗਾ





**ਸਿੱਖ ਪੰਥ** ਦੀ ਵੱਡੀ ਸ਼ਖਸੀਅਤ ਤੇ ਪੰਥਕ ਆਗੂ ਤੇ ਲੰਮਾਂ ਸਮਾਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਰਹੇ ਭਾਈ ਮੋਹਕਮ ਸਿੰਘ ਨੇ ਬਾਦਲ ਪ੍ਰਵਾਰ ਤੇ ਦੋਸ਼ ਲਾਇਆ ਹੈ ਕਿ ਜਿਸ ਤਰ੍ਹਾਂ ਪਹਿਲਾਂ ਬਾਦਲ ਪ੍ਰਵਾਰ ਨੇ ਸ੍ਰੀ ਨਰਿੰਦਰ ਮੋਦੀ ਵਲੋਂ ਲਿਆਂਦੇ ਤਿੰਨ ਕਿਸਾਨ ਮਾਰੂ ਬਿੱਲਾ ਦੀ ਹਮਾਇਤ ਕੀਤੀ ਸੀ ਹੁਣ ਫਿਰ ਇੱਕ ਵਾਰ ਕੇਂਦਰ ਸਰਕਾਰ ਵਿਰੁੱਧ ਚੱਲ ਰਹੇ ਕਿਸਾਨੀ ਸੰਘਰਸ਼ ਵਿਰੁੱਧ ਭੁੱਗਤ ਕੇ ਸ ਸੁਖਬੀਰ ਸਿੰਘ ਬਾਦਲ ਕਿਸਾਨਾਂ ਤੇ ਬੰਦੀ ਸਿੰਘਾਂ ਦੀਆਂ ਛਾਤੀਆਂ ਉਪਰੋਂ ਟੱਪਕੇ ਭਾਰਤੀ ਜਨਤਾ ਪਾਰਟੀ ਨਾਲ਼ ਸਮਝੌਤਾ ਕਰਨ ਜਾ ਰਿਹਾ ਹੈ ਜੇ ਇਹ ਸਮਝੌਤਾ ਅਮਲ ਵਿੱਚ ਆਉਂਦਾ ਹੈ ਤਾਂ ਇਹ ਮੱਚਦੀ ਅੱਗ ਨਾਲ਼ ਖੇਡਣ ਵਾਲੀ ਗੱਲ਼ ਹੋਵੇਗੀ । ਖਾਲਸਾ ਪੰਥ ਤੇ ਪੰਜਾਬੀ ਉਸ ਨੂੰ ਕਦੇ ਮੁਆਫ਼ ਨਹੀਂ ਕਰਨਗੇ ।ਉਹਨਾਂ ਕਿਹਾ ਜੇਕਰ ਸੁਖਬੀਰ ਸਿੰਘ ਬਾਦਲ ਨੇ ਭਾਜਪਾ ਨਾਲ਼ ਸਮਝੌਤਾ ਕਰਨਾ ਹੈ ਪਹਿਲਾਂ ਉਹ ਕੇਦਰ ਸਰਕਾਰ ਤੋਂ ਚੱਲ ਰਹੇ ਕਿਸਾਨੀ ਸੰਘਰਸ਼ ਦਾ ਮਸਲਾ ਹੱਲ ਕਰਵਾਏ ਤੇ ਬੰਦੀ ਸਿੰਘਾਂ ਦੀਆਂ ਰਿਹਾਈਆਂ ਕਰਵਾਏ । ਉਹਨਾਂ ਕਿਹਾ ਅਖ਼ਬਾਰਾਂ ਤੇ ਸੋਸ਼ਲ ਮੀਡੀਆ ਤੇ ਇਹ ਵੱਖ ਵੱਖ ਕਿਆਸ ਅਰਾਈਆਂ ਚੱਲ ਰਹੀਆਂ ਹਨ ਕਿ ਅਕਾਲੀ ਭਾਜਪਾ ਸਮਝੌਤਾ ਅੰਦਰ ਖਾਤੇ ਹੋ ਚੁੱਕਾ ਹੈ ਸਿਰਫ਼ ਐਲਾਨ ਬਾਕੀ ਹੈ ।ਉਹਨਾਂ ਕਿਹਾ ਢੀਂਡਸਾ ਤੇ ਬਾਦਲ ਪ੍ਰਵਾਰ ਅਕਾਲੀ ਦਲ ਨੂੰ ਖ਼ਤਮ ਕਰਕੇ ਆਪੋਂ ਆਪਣੇ ਪ੍ਰਵਾਰ ਬਚਾਉਣ ਤੱਕ ਸੀਮਤ ਹੋ ਗਏ ਹਨ ਜਿਵੇਂ ਉਹਨਾਂ ਕਿਹਾ ਜਿਸ ਤਰ੍ਹਾਂ ਸ ਸੁਖਦੇਵ ਸਿੰਘ ਢੀਂਡਸੇ ਨੇ ਸਮੁੱਚੀ ਪਾਰਟੀ ਨਾਲ਼ ਗਦਾਰੀ ਕਰਕੇ ਪੁੱਤ ਮੋਹ ਵਿੱਚ ਇੱਕ ਹਾਰੀ ਹੋਈ ਟਿਕਟ ਦੀ ਖ਼ਾਤਰ ਸ ਸੁਖਬੀਰ ਸਿੰਘ ਬਾਦਲ ਕੋਲ ਗੋਡੇ ਟੇਕਕੇ ਸਮਝੌਤਾ ਕੀਤਾ ਇਸੇ ਤਰ੍ਹਾਂ ਹੁਣ ਸ ਸੁਖਬੀਰ ਸਿੰਘ ਬਾਦਲ ਆਪਣੀ ਧਰਮ ਸੁਪਤਨੀ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਕੇਂਦਰ ਵਿੱਚ ਮੁੜ ਵਜ਼ੀਰ ਬਣਾਉਣ ਲਈ ਸਮੁੱਚੇ ਅਕਾਲੀ ਦਲ ਤੇ ਅਕਾਲੀ ਆਗੂਆਂ ਦੀ ਸਿਆਸੀ ਆਤਮ ਹੱਤਿਆਂ ਕਰਕੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦੀਆਂ ਲਿਲਕੜੀਆਂ ਕੱਢਕੇ , ਮੋਦੀ ਦਾ ਮੁੜ੍ਹ ਸ਼ੀਰੀਂ ਬਣਕੇ ਉਹਨਾਂ ਦੀਆਂ ਸ਼ਰਤਾਂ ਤੇ ਡਬਲ ਸੀਟਾਂ ਦੇ ਕੇ ਭਾਰਤੀ ਜਨਤਾ ਪਾਰਟੀ ਨਾਲ਼ ਆਤਮ ਘਾਤੀ ਗੱਲਵਕੜੀ ਪਾਉਣ ਜਾ ਰਿਹਾ ਹੈ। ਉਹਨਾਂ ਕਿਹਾ ਜਿੰਨੀਆਂ ਵੱਧ ਸੀਟਾਂ ਸੀ ਸੁਖਬੀਰ ਸਿੰਘ ਬਾਦਲ ਭਾਜਪਾ ਨੂੰ ਦੇ ਰਿਹਾ ਹੈ ਉਹਨਾਂ ਅਕਾਲੀ ਆਗੂਆਂ ਨੂੰ ਸੁਖਬੀਰ ਸਿੰਘ ਬਾਦਲ ਕਿਹੜੇ ਦੇਸ਼ ਦੇਸ਼ ਨਿਕਾਲਾ ਦੇਵੇਗਾ ।ਉਹਨਾਂ ਕਿਹਾ ਜੇਕਰ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਸਮਝੌਤਾ ਆਉਣ ਵਾਲੇ ਦਿਨਾਂ ਵਿੱਚ ਅਮਲ ਵਿੱਚ ਆਇਆਂ ਤਾਂ ਖਾਲਸਾ ਪੰਥ ਤੇ ਪੰਜਾਬੀ ਕਾਲੇ ਝੰਡਿਆਂ ਨਾਲ਼ ਸ ਸੁਖਬੀਰ ਸਿੰਘ ਬਾਦਲ ਤੇ ਬਾਦਲ ਦਲੀਆਂ ਦਾ ਵਿਰੋਧ ਕਰੇਗਾ ਕਿਉਕਿ ਪੰਜਾਬ ਤੇ ਪੰਥ ਵਾਸਤੇ ਪਹਿਲਾਂ ਕਿਸਾਨੀ ਸੰਘਰਸ਼ ਹੱਲ ਕਰਵਾਉਣਾਂ ਤੇ ਬੰਦੀ ਸਿੰਘਾਂ ਦੀਆਂ ਰਿਹਾਈਆਂ ਬਹੁਤ ਜ਼ਰੂਰੀ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
www.damdamitaksal.net
ਮੁਕਤਾ ਾ ਕੰਨਾ ਿ ਸਿਹਾਰੀ ੀ ਬਿਹਾਰੀ
ੁ ਔਂਕੜ ੂ ਦੁਲੈਂਕੜ ੇ ਲਾਂ ੈ ਦੁਲਾਵਾਂ
ੋ ਹੋੜਾ ੌ ਕਨੌੜਾ ੰ ਟਿੱਪੀ ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL

SANT BEANT SINGH | WHATSAPP: +918530000006





ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ


ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।





ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਸੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਕਾਬਿਲ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਹਾਸਲ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਈਵ ਪ੍ਰਸਾਰਣ
ਆਵਾਜ਼ਿ ਕੌਮ
AWAZE QAUM
WEB TV
'ਤੇ ਦੇਖਿਆ ਜਾ ਸਕਦਾ ਹੈ।


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ
A
अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ੴ



# ਸਰਦਾਰਨੀ ਸੁਰਜੀਤ ਕੌਰ ਬਣਵੈਤ

## ਸੁਪਤਨੀ

## ਸਰਦਾਰ ਗੁਰਚਰਨ ਸਿੰਘ ਬਣਵੈਤ

ਪ੍ਰਸਿੱਧ ਸਮਾਜ ਸੇਵੀ

ਸੰਸਥਾਪਕ ਇੰਟਰਨੈਸ਼ਨਲ ਪੰਜਾਬੀ ਫਾਊਂਡੇਸ਼ਨ, ਕਨੈਡਾ

ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ ਜੀ!

## ਭੋਗ ਸ੍ਰੀ ਸਹਿਜ ਪਾਠ

**20 ਮਾਰਚ 2024**

ਸਮਾਂ - ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤਕ

ਸਥਾਨ - ਗੁਰੂਦਵਾਰਾ ਸਿੰਘ ਸ਼ਹੀਦਾਂ, ਪਿੰਡ ਉੜਾਪੜ,
ਸ਼ਹੀਦ ਭਗਤ ਸਿੰਘ ਨਗਰ, ਨਵਾਂਸ਼ਹਿਰ ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV

MOB. +91 98154 81235

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਪੰਥਕ ਇਕੱਠਾਂ ਵਿਚ ਉਲਝੀ ਪੰਥਕ ਚੇਤਨਾ

**ਪਿਛਲੇ** ਲਗਭਗ ਇੱਕ ਦਹਾਕੇ ਦੌਰਾਨ, ਜਦੋਂ ਤੋਂ ਮੈਂ ਪੰਥਕ ਰਾਜਨੀਤੀ ਨੂੰ ਨੇੜਿਓਂ ਦੇਖਣ ਲੱਗਾ ਹਾਂ, ਜੇਕਰ ਜ਼ਿਆਦਾ ਨਹੀਂ ਤਾਂ ਘੱਟੋ-ਘੱਟ ਦਰਜਨ ਤੋਂ ਵੱਧ ਵਾਰ ਅਜਿਹੇ ਮੌਕੇ ਆਏ ਹਨ ਜਦ ਪੰਥਕ ਇਕੱਠ ਦੇ ਨਾਮ ਤੇ ਸਿੱਖਾਂ ਨੂੰ ਨਮੋਸ਼ੀ ਪ੍ਰਦਾਨ ਕੀਤੀ ਗਈ. ਹਾਲਾਂਕਿ ਹੋਰ ਬਹੁਤ ਸਾਰੇ ਲੇਖਕਾਂ ਜਾਂ ਵਿਚਾਰਕਾਂ ਦੀ ਤਰ੍ਹਾਂ ਲੱਛੇਦਾਰ ਸ਼ਬਦਾਵਲੀ ਅਤੇ ਉਪਭਾਵੁਕਤਾ ਵਿੱਚ ਭਿੱਜ ਕੇ ਚੜਦੀਕਲਾ ਦੇ ਬੋਲ ਬਾਲੇ ਅਤੇ ਪੰਥ ਪ੍ਰਕਾਸ਼ੀ ਬਿੰਬ ਮੁਤਾਬਕ ਮੈਂ ਇਨ੍ਹਾਂ ਦੇ ਹਾਂ ਪੱਖੀ ਪਹਿਲੂ ਨੂੰ ਉਭਾਰਨ ਹਿਤ ਵੀ ਕਈ ਲੇਖ ਲਿਖ ਸਕਦਾ ਹਾਂ ਪਰ ਪਿਛਲੇ ਸਰਬੱਤ ਖਾਲਸਾ ਤੋਂ ਲੈ ਕੇ ਦੀਪ ਸਿੱਧੂ ਬਾਈ ਦੇ ਭੋਗ ਤੱਕ ਹੋਏ ਲਗਭਗ ਸਾਰੇ

ਆਵਾਜ਼ਿ ਕੌਮ AWAZE QAUM
International Newspaper & WEB TV

ਹੀ ਪੰਥਕ ਇਕੱਠ, ਇਕ ਇਕੱਠ ਤੋਂ ਵੱਧ ਕੌਮ ਲਈ ਹੋਰ ਕੋਈ ਵੱਡੀ ਪ੍ਰਾਪਤੀ ਨਹੀਂ ਕਰ ਪਾਏ. ਇਸ ਗੱਲ ਤੋਂ ਕੋਈ ਵੀ ਸੁਚੇਤ ਬੁੱਧੀ ਇਮਾਨਦਾਰਾਨਾ ਤੌਰ ਤੇ ਮੁਨਕਰ ਨਹੀਂ ਹੋ ਸਕਦੀ. ਯਕੀਨ ਮੰਨਣਾ ਇਹ ਕਹਿੰਦਿਆਂ ਮੈਂ ਵਾਕਈ ਇਕੱਲਾ ਨਿਰਾਸ਼ ਨਹੀਂ ਹਾਂ. ਬਲਕਿ ਇੱਕ ਸਿੱਖ ਹੋਣ ਦੇ ਨਾਤੇ ਗੁਰਬਾਣੀ ਨੇ ਸਾਨੂੰ ਜੋ ਗਿਰੇਬਾਨ ਅੰਦਰ ਝਾਕਣ ਦੀ ਪ੍ਰਵਿਰਤੀ ਤੇ ਗੁਣ ਪ੍ਰਦਾਨ ਕੀਤਾ ਹੈ, ਉਸ ਦੇ ਸਨਮੁੱਖ ਮੈਂ ਖੁਸ ਵੀ ਹਾਂ ਕਿ ਘੱਟੋ-ਘੱਟ ਇਸ ਨਮੋਸ਼ੀ ਭਰੀ ਗੱਲ ਨੂੰ ਮੈਂ ਜਨਤਕ ਰੂਪ ਵਿੱਚ ਸਵੀਕਾਰਨ ਦਾ ਮਾਦਾ ਤਾਂ ਰੱਖਦਾ ਹਾਂ. ਕਿਉਂਕਿ ਸਤਿਗੁਰਾਂ ਨੇ ਸਾਨੂੰ ਸਿਖਾਇਆ ਹੀ ਇਹ ਹੈ ਕਿ ਜਦੋਂ ਕਰਕ ਕਲ਼ੇਜੇ ਮਾਹਿ ਹੋਏਗੀ ਤਾਂ ਉਸ ਨੂੰ ਸਮਝਣਾ ਕਿਸੇ ਭੋਲ਼ੇ ਵੈਦ ਦੇ ਵੱਸ ਦੀ ਗੱਲ ਨਹੀਂ. ਉਸ ਦੇ ਲਈ ਕਿਸੇ ਖਾਸ ਗੁਣ ਵਾਲੇ ਮਾਹਿਰ ਦੀ ਲੋੜ ਪਵੇਗੀ. ਮੈਂ ਘੱਟੋ-ਘੱਟ ਮਾਹਿਰ ਤਾਂ ਨਹੀਂ ਹਾਂ, ਪਰ ਏਨਾ ਭੋਲ਼ਾ ਵੀ ਨਹੀਂ ਕਿ ਕਲ਼ੇਜੇ ਦੀ ਸੱਟ ਨੂੰ ਪਹਿਚਾਣ ਨਾ ਸਕਾਂ. ਇਸ ਲਈ ਉਸੇ ਪਹਿਚਾਣ ਦੇ ਅਧਾਰ ਤੇ ਇਹ ਕਹਿ ਰਿਹਾ ਹਾਂ ਕਿ ਸਾਡੇ ਨਾਸੂਰ ਦਾ ਇਲਾਜ ਹੁਣ ਪੰਥਕ ਇੱਕਠਾਂ ਵਿੱਚ ਨਹੀਂ ਰਿਹਾ. ਬਲਕਿ ਇਹ ਤਾਂ ਬਿਪਰਵਾਦੀ ਸੱਤਾ ਦੀ ਸਮਝ ਅਨੁਸਾਰ ਸਾਡੇ ਚੜਦੀਕਲਾ ਵਾਲੇ ਜਲੌਂ ਨੂੰ ਸ਼ਾਂਤ ਕਰਨ ਦਾ ਤਰੀਕਾ ਮਾਤਰ ਬਣ ਚੁੱਕੇ ਹਨ. ਜਿੱਥੇ ਸਥਿਤੀਆਂ ਦੇ ਧਰਾਤਲੀ ਪੱਧਰ ਨੂੰ ਕਿਨਾਰੇ ਰੱਖਦੇ ਹੋਏ ਗੱਜਦੇ ਜੈਕਾਰੇ ਅਗਲੇ ਕਿਸੇ ਇਕੱਠ ਤੱਕ ਆਪਣੀ ਪ੍ਰਾਸੰਗਿਕਤਾ ਖੋ ਬੈਠਦੇ ਹਨ.ਇਹ ਸਥਿਤੀ ਏਨੀ ਗੰਭੀਰ ਹੈ ਕਿ ਅਸੀਂ ਆਪਣੀ ਹਰ ਸਮੱਸਿਆ ਦਾ ਹੱਲ





ਹੁਣ "ਪੰਥਕ ਇਕੱਠ" ਦੇ ਰੂਪ ਵਿਚ ਹੀ ਲੱਭਣ ਲੱਗ ਪਏ ਹਾਂ. ਜਦ ਕਿ ਸਮੱਸਿਆ ਦਾ ਹੱਲ ਦੁਬਿਧਾ ਦੂਰ ਕਰਨ ਹਿਤ "ਇਕੱਤਰ" ਹੋਣਾ ਹੈ, ਜੋ ਗੁਰਬਾਣੀ ਸਾਨੂੰ ਦੱਸਦੀ ਹੈ. ਪਰ ਸਾਡੀ ਤ੍ਰਾਸਦੀ ਇਹ ਹੈ ਕਿ ਅਸੀਂ ਪੂਰੀ ਵੀਹਵੀਂ ਸਦੀ ਦੀ ਸਿੱਖ ਰਾਜਨੀਤੀ ਅੰਦਰ ਇਕੱਠ ਅਤੇ ਅਜਿਹੀ ਇਕੱਤਰਤਾ ਦਾ ਬੁਨਿਆਦੀ ਫਰਕ ਹੀ ਨਹੀਂ ਸਮਝ ਪਾਏ. ਤੇ ਬਹੁਤ ਸਾਰੇ ਮੌਕਿਆਂ ਤੇ ਇਸ ਨੂੰ ਸਿਰਫ ਇਕ ਸ਼ਬਦੀ ਅਦਲਾ ਬਦਲੀ ਤੱਕ ਹੀ ਸੀਮਿਤ ਰੱਖਿਆ ਹੈ ਤੇ ਮੇਰਾ ਇਹ ਦਾਅਵਾ ਵੀ ਹੈ ਕਿ ਇਸ ਪੋਸਟ ਤੋਂ ਪਹਿਲਾਂ ਕਿਸੇ ਨੇ ਇਸ ਪਾਸੇ ਕਦੀ ਧਿਆਨ ਵੀ ਨਹੀਂ ਦਿੱਤਾ ਹੋਣਾ ਕਿ ਪੰਥਕ ਇਕੱਠ ਅਤੇ ਗੁਰਬਾਣੀ ਅਨੁਸਾਰੀ ਇਕੱਤਰਤਾ ਦਰਅਸਲ ਹੈ ਕੀ ? ਸ਼ਾਇਦ ਸਾਡੀ ਤ੍ਰਾਸਦੀ ਦਾ ਇੱਕ ਵੱਡਾ ਕਾਰਨ ਵੀ ਇਸੇ ਨਾਸਮਝੀ ਵਿੱਚ ਪਿਆ ਹੈ ਕਿ ਅਸੀਂ ਇਕੱਠ ਕਰਨ ਵਿੱਚ ਤਾਂ ਮਾਹਿਰ ਹੋ ਗਏ ਪਰ ਸਾਨੂੰ ਇੱਕਤਰ ਹੋਣਾ ਨਹੀਂ ਆਇਆ. ਤੇ ਜਦ ਤੱਕ ਇਕੱਤਰ ਨਹੀਂ ਹੁੰਦੇ ਦੁਬਿਧਾ ਦੂਰ ਕਿਵੇਂ ਹੋਏਗੀ ? ਕਿਉਂਕਿ ਗੁਰੂ ਸਾਹਿਬ ਨੇ ਹੱਲ ਹੀ "ਇਕੱਤਰ" ਹੋਣਾ ਦੱਸਿਆ ਹੈ ਉਹ ਵੀ ਲਿਵ ਵਿੱਚ ਜੁੜ ਕੇ. ਸੋ ਕਹਿਣ ਦਾ ਭਾਵ ਪੰਥਕ ਰਾਜਨੀਤੀ ਅੱਜ ਜਿਸ ਮੋੜ ਤੇ ਹੈ, ਉਸ ਮੋੜ ਤੇ ਇਸ ਕੋਲ ਸਿੱਖਾਂ ਲਈ ਕੋਈ ਨਾ ਸੇਧ ਹੈ, ਨਾ ਰਾਹ ਅਤੇ ਨਾ ਹੀ ਵਿਜਨ. ਇਹ ਮੌਕਾ ਪ੍ਰਸਤ ਹੱਲ ਦਾ ਸਤਹੀ ਤਰਕ ਮਾਤਰ ਹੈ. ਤੁਹਾਨੂੰ ਇਸ ਵਿੱਚ ਕੁਝ ਨਾ ਕੁਝ ਗਲਤ ਲੱਗ ਸਕਦਾ ਹੈ, ਪਰ ਮੈਂ ਇਸ ਬਾਬਤ ਪੂਰੀ ਤਰ੍ਹਾਂ ਸਪਸ਼ਟ ਹਾਂ ਕਿ ਪੰਥਕ ਰਾਜਨੀਤੀ ਨੂੰ ਵੇਖਣ, ਉਸ ਨੂੰ ਸਹੀ ਰਾਹ ਤੋਰਨ ਦਾ ਜੋ ਸਾਨੂੰ ਨਜ਼ਰੀਆ ਦਿੱਤਾ ਜਾਂਦਾ ਹੈ, ਉਹ ਉਸ ਸਿੰਮਲ ਦੀ ਤਰ੍ਹਾਂ ਹੈ. ਜਿਸ ਦਾ ਕੋਈ ਸੁਆਦਲਾ ਫਲ ਨਹੀਂ. ਸਿਰਫ ਉਚਾਈ ਦਾ ਮਾਣ ਹੈ. ਅੱਜ ਜਿਸ ਮੋੜ ਤੇ ਪੰਥਕ ਸਿਆਸਤ ਅਤੇ ਉਸ ਦੇ ਹੱਲ ਲਈ ਅਪਣਾਏ ਜਾ ਰਹੇ ਪੰਥਕ ਇਕੱਠਾਂ ਦੀ ਗੱਲ ਹੈ, ਉਹ ਫਲ ਵਿਹੂਣੀ ਹੈ. ਜੇਕਰ ਅਸੀਂ ਕੋਈ ਹਕੀਕੀ ਪ੍ਰਾਪਤੀ ਕਰਨੀ ਹੈ ਤਾਂ ਉਸ ਲਈ ਹਕੀਕਤ ਮੁਖੀ ਪ੍ਰੋਗਰਾਮ ਕਰਨੇ ਪੈਣਗੇ. ਤੇ ਉਹ ਹਕੀਕਤ ਮੁਖੀ ਪ੍ਰੋਗਰਾਮ ਘੱਟੋ-ਘੱਟ ਅਜਿਹੇ ਪੰਥਕ ਇਕੱਠਾਂ ਰਾਹੀਂ ਨਹੀਂ ਹੋਣਗੇ. ਉਨ੍ਹਾਂ ਲਈ ਤੁਹਾਨੂੰ/ਸਾਨੂੰ ਗੁਰਬਾਣੀ ਦੀ ਜਾਚ ਆਉਣੀ ਬਹੁਤ ਜ਼ਰੂਰੀ ਹੈ. ਤੇ ਅੱਜ ਤੱਕ ਜਿੰਨੇ ਵੀ ਪੰਥਕ ਇਕੱਠ ਹੋਏ ਹਨ, ਉਨ੍ਹਾਂ ਦਾ ਸੱਦਾ ਦੇਣ ਵਾਲਿਆਂ ਵਿੱਚੋਂ ਕਿੰਨਿਆਂ ਕੁ ਨੂੰ ਇਹ ਜਾਚ ਸੀ ਜਾਂ ਹੈ ? ਤੁਹਾਡੇ ਕੋਲ ਇਸ ਦਾ ਕੋਈ ਅੰਦਾਜ਼ਾ ਹੈ ? ਪਹਿਲਾਂ ਆਪਾਂ ਉਸ ਦੀ ਗੱਲਬਾਤ ਕਰੀਏ, ਫਿਰ ਕਦੀ ਇਹ ਵਿਚਾਰਾਂਗੇ ਕਿ ਇਸ ਸਭ ਦਾ ਬਦਲ ਕੀ ਹੈ ? ਕਿਉਂਕਿ ਗੁਰੂ ਸਾਹਿਬ ਨੇ ਵੀ ਇਹੀ ਕਿਹਾ -

ਵੈਦਾ ਵੈਦੁ ਸੁਵੈਦੁ ਤੂ ਪਹਿਲਾਂ ਰੋਗੁ ਪਛਾਣੁ ॥ ਐਸਾ ਦਾਰੂ ਲੋੜਿ ਲਹੁ ਜਿਤੁ ਵੰਞੈ ਰੋਗਾ ਘਾਣਿ ॥ ਜਿਤੁ ਦਾਰੂ ਰੋਗ ਉਠਿਅਹਿ ਤਨਿ ਸੁਖੁ ਵਸੈ ਆਇ ॥ ਰੋਗੁ ਗਵਾਇਹਿ ਆਪਣਾ ਤ ਨਾਨਕ ਵੈਦੁ ਸਦਾਇ ॥2॥ ਪੰਨਾ 1279

**-ਪਰਮਿੰਦਰ ਸਿੰਘ ਸ਼ੌਂਕੀ**



# ਵਾਹਿਗੁਰੂ ਜੀ ਕਾ ਖਾਲਸਾ
# ਵਾਹਿਗੁਰੂ ਜੀ ਕੀ ਫਤਿਹ

ਗੁਰਦਵਾਰਾ ਸਿੰਘ ਸਭਾ ਸਲੇਮਪੁਰ ਮਸੰਦਾਂ ਪ੍ਰਬੰਧਕ ਕਮੇਟੀ ਵਲੋਂ ਸਾਰੇ ਪਿੰਡ ਦੀ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੀ ਸੰਗਤ ਅੱਗੇ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕੀ ਗੁਰਦਵਾਰਾ ਸਾਹਿਬ ਵਿਖੇ ਨਵਾਂ ਨਿਸ਼ਾਨ ਸਾਹਿਬ ਬਣਾਉਣ ਦੀ ਸੇਵਾ ਅਰੰਭ ਕੀਤੀ ਗਈ ਹੈ ਜਿਸਦਾ ਖਰਚਾ ਲੱਗਭਗ ਚਾਰ ਲੱਖ ਦੇ ਕਰੀਬ ਆਉਣਾ ਹੈ |

## ਸਾਧ ਸੰਗਤ ਜੀ ਬੇਨਤੀ ਹੈ ਕੀ ਏਸ ਕਾਰਜ ਵਿੱਚ ਆਪਣਾ ਦਸਵੰਧ ਦੇ ਕੇ ਵੱਧ ਤੋਂ ਵੱਧ ਯੋਗਦਾਨ ਦਿਉ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦਵਾਰਾ ਸਾਹਿਬ ਦੀ ਨਵੀਂ ਕਮੇਟੀ ਵਲੋਂ ਸਾਰੇ ਨੱਗਰ ਦਾ ਤਹਿ ਦਿਲੋਂ ਧੰਨਵਾਦ ਜੀ

ਪ੍ਰਧਾਨ ਜਸਵੀਰ ਸਿੰਘ 9876250317 ਸ : ਜਰਨੈਲ ਸਿੰਘ UK +44 7830202647

ਸ : ਗੁਰਦੇਵ ਸਿੰਘ 9872105611
ਸ : ਕੇਵਲ ਸਿੰਘ UK +44 7875355172

ਗੁ: ਬਾਬੇ ਸ਼ਹੀਦਾਂ ਸਰਮਤਸਪੁਰ (ਜਲੰਧਰ) ਬ੍ਰਾਂਚ ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) 'ਤੇ

# ਦਰਬਾਰ ਅਸਥਾਨ ਦਾ ਉਦਘਾਟਨ ਕੀਤਾ ਗਿਆ

## ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸਿੰਘ ਸਾਹਿਬਾਨ, ਸੰਤਾਂ ਮਹਾਂਪੁਰਸ਼ਾਂ ਅਤੇ ਹੋਰ ਸਤਿਕਾਰਤ ਸ਼ਖਸ਼ੀਅਤਾਂ ਨੇ ਹਾਜ਼ਰੀਆਂ ਭਰੀਆਂ।











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)




ਗੁ: ਬਾਬੇ ਸ਼ਹੀਦਾਂ ਸਰਮਤਸਪੁਰ (ਜਲੰਧਰ) ਬ੍ਰਾਂਚ ਦਮਦਮੀ ਟਕਸਾਲ ( ਜਥਾ ਭਿੰਡਰਾਂ ਮਹਿਤਾ) ਇਸ ਪਾਵਨ ਅਸਥਾਨ 'ਤੇ ਦਰਬਾਰ ਅਸਥਾਨ ਦਾ ਉਦਘਾਟਨ ਸਮਾਗਮ ਮਿਤੀ 17 ਮਾਰਚ 2024 ਨੂੰ ਬੜ੍ਹੀ ਚੜ੍ਹਦੀਕਲਾ ਨਾਲ ਸਿੰਘਾਂ ਸਾਹਿਬਾਨਾਂ ਸੰਤਾਂ ਮਹਾਂਪੁਰਸ਼ਾਂ ਅਤੇ ਹੋਰ ਸਤਿਕਾਰਤ ਸ਼ਖਸ਼ੀਅਤਾ ਵੱਲੋਂ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁ: ਬਾਬੇ ਸ਼ਹੀਦਾਂ ਸਰਮਤਸਪੁਰ (ਜਲੰਧਰ) ਬ੍ਰਾਂਚ ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) 'ਤੇ

# ਦਰਬਾਰ ਅਸਥਾਨ ਦਾ ਉਦਘਾਟਨ ਕੀਤਾ ਗਿਆ

**ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸਿੰਘ ਸਾਹਿਬਾਨ, ਸੰਤਾਂ ਮਹਾਂਪੁਰਸ਼ਾਂ ਅਤੇ ਹੋਰ ਸਤਿਕਾਰਤ ਸ਼ਖਸ਼ੀਅਤਾਂ ਨੇ ਹਾਜ਼ਰੀਆਂ ਭਰੀਆਂ।**












ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਵਾਰਿਸ ਪੰਜਾਬ ਦੇ ਮੁੱਖੀ ਭਾਈ ਅਮ੍ਰਿਤਪਾਲ ਸਿੰਘ ਤੇ ਸਮੂਹ ਸਿੰਘਾਂ ਦੀ ਬਿਨਾਂ ਸਰਤ ਰਿਹਾਈ ਲਈ

# ਮਿਸੀਗਨ ਦੇ ਸ਼ਹਿਰ ਕੈਂਟਨ ਵਿੱਚ ਕਾਰ ਰੈਲੀ ਆਯੋਜਿਤ

## ਭਾਈ ਗੁਰਬਿੰਦਰ ਸਿੰਘ ਬਰਨਾਲਾ, ਭਾਈ ਸੁਰਿੰਦਰ ਸਿੰਘ ਠੀਕਰੀਵਾਲ, ਭਾਈ ਜਸਵਿੰਦਰ ਸਿੰਘ ਸੰਧੂ, ਭਾਈ ਗੁਰਵਿੰਦਰ ਸਿੰਘ ਮੋਗਾ ਅਤੇ ਹੋਰਨਾਂ ਪੰਥਕ ਸ਼ਖਸੀਅਤਾਂ ਨੇ ਸਿੱਖ ਸੰਗਤ ਨਾਲ ਵਿਚਾਰਾਂ ਦੀ ਸਾਂਝ ਪਾਈ



















ਮਿਸੀਗਨ ਦੇ ਸ਼ਹਿਰ ਕੈਂਟਨ ਵਿੱਚ ਵਾਰਿਸ ਪੰਜਾਬ ਦੇ ਮੁੱਖੀ ਭਾਈ ਅਮ੍ਰਿਤਪਾਲ ਸਿੰਘ ਤੇ ਸਮੂਹ ਸਿੰਘਾਂ ਦੀ ਬਿਨਾਂ ਸਰਤ ਰਿਹਾਈ ਲਈ ਕਾਰ ਰੈਲੀ ਮਗਰੋਂ ਹੈਰੀਟੇਜ਼ ਪਾਰਕ ਵਿੱਚ ਸਿੱਖ ਸੰਗਤ ਨਾਲ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਭਾਈ ਗੁਰਬਿੰਦਰ ਸਿੰਘ ਬਰਨਾਲਾ, ਭਾਈ ਸੁਰਿੰਦਰ ਸਿੰਘ ਠੀਕਰੀਵਾਲ, ਭਾਈ ਜਸਵਿੰਦਰ ਸਿੰਘ ਸੰਧੂ, ਭਾਈ ਗੁਰਵਿੰਦਰ ਸਿੰਘ ਮੋਗਾ।

--★ ਜਾਰੀ ਕਰਤਾ ★--

**ਵਾਰਿਸ ਪੰਜਾਬ ਦੇ (ਯੂ ਐਸ ਏ)**

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

Heart Chekcup (ECG Test)

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਸ਼ਨੀਵਾਰ ਮਿਤੀ 23.03.2024 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 3.30 ਵਜੇ ਤੱਕ

• ਹੱਡੀਆਂ ਦੇ ਮਾਹਿਰ ਡਾਕਟਰ ਪਹੁੰਚਣਗੇ • ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ।
2. ਔਰਤਾਂ ਦੇ ਛਾਤੀ ਤੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ PSA ਟੈਸਟ
5. ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ
8. ਆਮ ਬੀਮਾਰੀਆਂ ਸੰਬੰਧੀ ਸਿਰਫ਼ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ।

--✶ ਨੋਟ ✶--

ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ, ਸੋ ਸਾਰੀਆਂ ਔਰਤਾਂ ਚੈਕ ਜ਼ਰੂਰ ਕਰਵਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :**

**ਮੋ. 94630-27634, 98151-89612**

### 23 ਮਾਰਚ ਦਾ ਸ਼ਹੀਦੀ ਦਿਹਾੜਾ

# ਪੰਜਾਬ ਦੀਆਂ ਲੋਕ ਜਥੇਬੰਦੀਆਂ ਵੱਲੋਂ ਜਾਰੀ ਕੀਤਾ ਜਾਵੇਗਾ 30 ਨੁਕਾਤੀ ਲੋਕ-ਏਜੰਡਾ

**ਚੰਡੀਗੜ੍ਹ,18ਮਾਰਚ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 'ਚ ਲੱਗੀਆਂ ਹਾਕਮ ਪਾਰਟੀਆਂ ਦੀਆਂ ਚੋਣ ਮੁਹਿੰਮਾਂ ਦਰਮਿਆਨ ਪੰਜਾਬ ਦੀਆਂ ਲੋਕ ਜਥੇਬੰਦੀਆਂ ਵੱਲੋਂ ਲੋਕਾਂ ਦੇ ਅਸਲ ਮੁੱਦਿਆਂ ਵਾਲਾ 30 ਨੁਕਾਤੀ ਲੋਕ-ਏਜੰਡਾ ਨਾਂ ਦਾ ਦਸਤਾਵੇਜ਼ ਬਰਨਾਲੇ ਦੀ ਕਾਨਫਰੰਸ ਤੋਂ ਜਾਰੀ ਕੀਤਾ ਜਾਵੇਗਾ।ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ 23 ਮਾਰਚ ਮੌਕੇ ਬਰਨਾਲੇ 'ਚ ਕੀਤੀ ਜਾ ਰਹੀ ਵਿਸ਼ਾਲ ਕਾਨਫਰੰਸ ਦੇ ਮੌਕੇ ਪੰਜਾਬ ਦੀਆਂ ਸੰਘਰਸ਼ਸ਼ੀਲ ਲੋਕ ਜਥੇਬੰਦੀਆਂ ਹਾਕਮਾਂ ਦੀਆਂ ਵੋਟ ਪਾਰਟੀਆਂ ਦੇ ਭਰਮਾਊ ਨਾਹਰਿਆਂ ਤੇ ਝੂਠੇ ਮੈਨੀਫੈਸਟੋਆਂ ਦੇ ਮੁਕਾਬਲੇ ਅਸਲ ਲੋਕ ਮੁੱਦਿਆਂ ਦੇ ਇਸ ਏਜੰਡੇ ਨੂੰ ਪੰਜਾਬ ਸਮੇਤ ਪੂਰੇ ਦੇਸ਼ ਦੇ ਲੋਕਾਂ ਸਾਹਮਣੇ ਰੱਖਣਗੀਆਂ।ਹਾਕਮਾਂ ਦੀਆਂ ਚੋਣ ਖੇਡਾਂ ਤੋਂ ਝਾਕ ਛੱਡ ਕੇ ਇਹਨਾਂ ਮੁੱਦਿਆਂ ਲਈ ਲੋਕ ਸੰਘਰਸ਼ਾਂ ਨੂੰ ਵਿਸ਼ਾਲ , ਤਿੱਖੇ ਤੇ ਤੇਜ਼ ਕਰਨ ਦਾ ਹੋਕਾ ਦੇਣਗੀਆਂ। ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਪੰਜਾਬ ਦੇ ਕਿਸਾਨਾਂ, ਖੇਤ ਮਜ਼ਦੂਰਾਂ, ਸਨਅਤੀ ਕਾਮਿਆਂ, ਮੁਲਾਜ਼ਮਾਂ, ਠੇਕਾ ਕਾਮਿਆਂ ਤੇ ਵਿਦਿਆਰਥੀਆਂ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਵੱਲੋਂ ਲਾਏ ਸਾਮਰਾਜਵਾਦ ਮੁਰਦਾਬਾਦ ਦੇ ਨਾਅਰੇ ਨੂੰ ਬੁਲੰਦ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਦੇ ਸਾਰੇ ਲੋਕਾਂ ਦੀਆਂ ਹੱਕੀ ਮੰਗਾਂ ਹਾਕਮਾਂ ਵੱਲੋਂ ਵਿੱਢੇ ਸਾਮਰਾਜੀ ਨੀਤੀਆਂ ਵਾਲੇ ਆਰਥਿਕ-ਸੁਧਾਰਾਂ ਦੇ ਹੱਲੇ ਖ਼ਿਲਾਫ਼ ਬਣਦੀਆਂ ਹਨ। ਚੋਣਾਂ 'ਚ ਉੱਤਰੀਆਂ ਸਭ ਪਾਰਟੀਆਂ ਵਿਕਾਸ ਦੇ ਨਾਂ ਹੇਠ ਸੰਸਾਰ ਵਪਾਰ ਸੰਸਥਾ ਵਰਗੀਆਂ ਸਾਮਰਾਜੀ ਸੰਸਥਾਵਾਂ ਦੀਆਂ ਨੀਤੀਆਂ ਨੂੰ ਹੀ ਲਾਗੂ ਕਰਨ ਦੇ ਐਲਾਨ ਕਰ ਰਹੀਆਂ ਹਨ। ਜਦ ਕਿ ਪਿਛਲੇ ਤਿੰਨ ਦਹਾਕਿਆਂ ਤੋਂ ਇਹੀ ਨੀਤੀਆਂ ਕਿਰਤੀ ਲੋਕਾਂ ਦੀ ਜ਼ਿੰਦਗੀ 'ਚ ਤਬਾਹੀ ਦਾ ਕਾਰਨ ਬਣੀਆਂ ਹੋਈਆਂ ਹਨ।ਉਹਨਾਂ ਦੱਸਿਆ ਕਿ ਲੋਕ ਜਥੇਬੰਦੀਆਂ ਵੱਲੋਂ ਪੇਸ਼ ਕੀਤਾ ਜਾਣ ਵਾਲਾ 30 ਮੁੱਦਿਆਂ ਦਾ ਏਜੰਡਾ ਇਹਨਾਂ ਨੀਤੀਆਂ ਨੂੰ ਰੱਦ ਕਰਨ ਤੇ ਇਹਨਾਂ ਚੋਂ ਨਿਕਲਦੇ ਕਦਮ ਫੌਰੀ ਵਾਪਸ ਲੈਣ ਅਤੇ ਲੋਕਾਂ ਦੀ ਬੇਹਤਰੀ ਲਈ ਬਜਟ ਸੋਮੇ ਜਟਾਉਣ ਦੁਆਲੇ ਕੇਂਦਰਿਤ ਹੋਵੇਗਾ। ਚੋਣਾਂ ਦੇ ਇਸ ਘੜਮੱਸ ਦਰਮਿਆਨ ਇਸ ਲੋਕ ਏਜੰਡੇ ਦੇ ਮੁੱਦਿਆਂ ਨੂੰ ਲੋਕਾਂ ਦੇ ਘਰ ਘਰ ਲੈ ਕੇ ਜਾਣ ਦੀ ਮੁਹਿੰਮ ਦਾ ਆਗਾਜ਼ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਐਮਐਸਪੀ ਦੀ ਕਾਨੂੰਨੀ ਗਰੰਟੀ, ਸਰਕਾਰੀ ਖਰੀਦ ਤੇ ਸਰਬਜਨਕ ਜਨਤਕ ਵੰਡ ਪ੍ਰਣਾਲੀ ਲਾਗੂ ਕਰਨ, ਸਾਮਰਾਜੀਆਂ/ਵੱਡੇ ਸਰਮਾਏਦਾਰਾਂ ਤੇ ਜਗੀਰਦਾਰਾਂ ਦੀ ਲੁੱਟ ਤੋਂ ਮੁਕਤ ਕਿਸਾਨ ਮਜ਼ਦੂਰ ਤੇ ਵਾਤਾਵਰਨ ਪੱਖੀ ਖੇਤੀ ਨੀਤੀ ਬਣਾਉਣ, ਠੇਕਾ ਕਾਮਿਆਂ ਨੂੰ ਰੈਗੂਲਰ ਕਰਨ ਤੇ ਠੇਕਾ ਭਰਤੀ ਦੀ ਨੀਤੀ ਰੱਦ ਕਰਨ, ਨਵੇਂ ਕਿਰਤ ਕੋਡ ਰੱਦ ਕਰਨ, ਪੁਰਾਣੀ ਪੈਨਸ਼ਨ ਦਾ ਹੱਕ ਬਹਾਲ ਕਰਨ ਵਰਗੇ ਭਖਵੇਂ ਮੁੱਦਿਆਂ ਤੋਂ ਲੈ ਕੇ ਸਿੱਖਿਆ ਸਿਹਤ ਤੇ ਆਵਾਜਾਈ ਵਰਗੇ ਖੇਤਰਾਂ ਦੇ ਸਰਕਾਰੀਕਰਨ ਦੇ ਕਦਮ ਲੈਣ ਤੱਕ ਦੀ ਲੰਮੀ ਲੜੀ ਦੇ ਮੁੱਦਿਆਂ ਨੂੰ ਉਭਾਰਿਆ ਜਾਵੇਗਾ। ਉਹਨਾਂ ਸਭਨਾਂ ਮਿਹਨਤਕਸ਼ ਵਰਗਾਂ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਾਮਰਾਜੀ ਹੱਲੇ ਖਿਲਾਫ ਹੋ ਰਹੀ 23 ਮਾਰਚ ਦੀ ਬਰਨਾਲਾ ਕਾਨਫਰੰਸ ਵਿੱਚ ਵਧ ਚੜ੍ਹ ਕੇ ਪੁੱਜਣ।



### ਅੰਮ੍ਰਿਤਸਰ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ

# ਮਿਲ ਕੇ ਕੰਮ ਕਰਾਂਗੇ : ਤਰਨਜੀਤ ਸਿੰਘ ਸੰਧੂ



**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਵਿਕਾਸ ਲਈ ਆਪਣੀਆਂ ਵਿਸ਼ੇਸ਼ ਯੋਜਨਾਵਾਂ ਨੂੰ ਅਮਲ ਵਿਚ ਲਿਆਉਣ 'ਚ ਲੱਗੇ ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ ਅੱਜ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਅਤੇ ਪਤਵੰਤੇ ਸੱਜਣਾਂ ਨਾਲ ਡੂੰਘੀ ਵਿਚਾਰ ਚਰਚਾ ਕੀਤੀ ਅਤੇ ਉਨ੍ਹਾਂ ਤੋਂ ਗੁਰੂ ਨਗਰੀ ਦਾ ਕਾਇਆ ਕਲਪ ਕਰਨ ਪ੍ਰਤੀ ਸਾਥ ਦੇਣ ਤੇ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ।



ਅਮਰੀਕਾ ਸਮੇਤ ਵਿਦੇਸ਼ੀ ਮਾਮਲਿਆਂ ਬਾਰੇ ਸਭ ਤੋਂ ਤਜਰਬੇਕਾਰ ਭਾਰਤੀ ਡਿਪਲੋਮੈਟਾਂ ਵਿੱਚੋਂ ਇੱਕ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਉਸ ਦਾ ਆਪਣਾ ਸ਼ਹਿਰ ਆਪਣਾ ਪਰਿਵਾਰ ਹੈ ਅਤੇ ਇਸ ਦੀ ਸੇਵਾ ਨੂੰ ਸਦਾ ਸਮਰਪਿਤ ਹਾਂ। ਉਨ੍ਹਾਂ ਕਿਹਾ ਕਿ ਜ਼ਿੰਦਗੀ 'ਚ ਜੋ ਵੀ ਸੰਪਰਕ ਅਤੇ ਤਜੁਰਬਾ ਗ੍ਰਹਿਣ ਕੀਤਾ ਉਸ ਨੂੰ ਅੰਮ੍ਰਿਤਸਰ ਦੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਵਰਤਿਆ ਜਾਵੇਗਾ। ਉਸ ਕੋਲ ਸ਼ਹਿਰ ਦੇ ਵਿਕਾਸ ਲਈ ਇੱਕ ਖ਼ਾਸ ਨਜ਼ਰੀਆ ਅਤੇ ਯੋਜਨਾਵਾਂ ਹਨ। ਅਸੀਂ ਅੰਮ੍ਰਿਤਸਰ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ ਜਾਣ ਦੀ ਬਜਾਏ ਅੰਮ੍ਰਿਤਸਰ ਵਿੱਚ ਰਹਿ ਕੇ ਕੰਮ ਕਰਨ ਨੂੰ ਪਹਿਲ ਦੇਣ ਅਤੇ ਪੈਸਾ ਕਮਾਉਣ ਲਈ ਰੁਜ਼ਗਾਰ ਪ੍ਰਦਾਨ ਕਰਾਵਾਂਗੇ। ਇਸ ਮਕਸਦ ਨੂੰ ਲੈ ਕੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਲਈ ਵਿਦੇਸ਼ੀ ਕੰਪਨੀਆਂ ਤੋਂ ਸਹਿਯੋਗ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਅਮਰੀਕਾ ਵਿਚ ਵਿਕਸਤ ਤਕਨੀਕ ਹੈ ਤਾਂ ਸਾਡੇ ਕੋਲ ਨੌਜਵਾਨੀ ਦਾ ਵੱਡਾ ਸਰਮਾਇਆ ਹੈ। ਉਨ੍ਹਾਂ ਕਿਹਾ ਕਿ ਭਾਰਤ ਅਮਰੀਕਾ ਦਾ ਸੰਬੰਧ ਹੁਣ ਭਾਈਵਾਲੀ ਵਿੱਚ ਬਦਲ ਚੁਕਾ ਹੈ। ਅਮਰੀਕੀ ਕੰਪਨੀਆਂ ਭਾਰਤ ਵਿਚ ਨਿਵੇਸ਼ ਕਰ ਰਹੀਆਂ ਹਨ, ਇਹ ਨਿਵੇਸ਼ ਅੰਮ੍ਰਿਤਸਰ ਦੇ ਹਿੱਸੇ ਵਧ ਤੋਂ ਵਧ ਆਉਣਾ ਚਾਹੀਦਾ ਹੈ।ਉਨ੍ਹਾਂ ਬੀਤੇ ਦਿਨੀਂ ਕੇਂਦਰੀ ਮੰਤਰੀਆਂ ਨਾਲ ਕੀਤੀਆਂ ਗਈਆਂ ਮੁਲਾਕਾਤਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਅੰਮ੍ਰਿਤਸਰ ਵਿਚ ਅਮਰੀਕਨ ਕੌਂਸਲੇਟ ਖੋਲ੍ਹਣ, ਏਅਰ ਕੁਨੈਕਟੀਵਿਟੀ ਵਧਾਉਣ, ਕਾਰਗੋ ਫਲਾਈਟਾਂ ਸ਼ੁਰੂ ਕਰਨ ਅਤੇ ਇਤਿਹਾਸਕ ਧਰੋਹਰਾਂ ਦੀ ਸੰਭਾਲ ਪ੍ਰਤੀ ਕੇਂਦਰ ਨੇ ਸੰਜੀਦਗੀ ਵਿਖਾਈ ਹੈ।ਉਨ੍ਹਾਂ ਕਿਹਾ ਕਿ ਕਾਰਗੋ ਦੇ ਸ਼ੁਰੂ ਹੋਣ ਨਾਲ ਕਿਸਾਨਾਂ ਨੂੰ ਫਲ਼ ਅਤੇ ਸਬਜ਼ੀਆਂ ਆਦਿ ਖਾੜੀ ਦੇਸ਼ਾਂ ਨੂੰ ਭੇਜਣ ਦੀ ਸਹੂਲਤ ਮਿਲੇਗੀ ਜਿਸ ਨਾਲ ਉਨ੍ਹਾਂ ਦੀ ਆਮਦਨੀ ਵਿਚ ਭਾਰੀ ਵਾਧਾ ਹੋਵੇਗਾ।ਉਨ੍ਹਾਂ ਇਹ ਵੀ ਦੱਸਿਆ ਕਿ ਅਮਰੀਕਾ ਦੇ ਕਈ ਉੱਘੇ ਪੰਜਾਬੀ ਉਦਯੋਗਪਤੀ ਅੰਮ੍ਰਿਤਸਰ ਦੇ ਵਿਦਿਆਰਥੀਆਂ ਨੂੰ ਹਰ ਸਾਲ ਅਮਰੀਕਾ ਵਿੱਚ ਵਜ਼ੀਫ਼ਾ ਦੇਣ ਲਈ ਤਿਆਰ ਹਨ। ਉਨ੍ਹਾਂ 'ਚੋਂ ਸਰਦਾਰ ਦਰਸ਼ਨ ਸਿੰਘ ਧਾਲੀਵਾਲ ਅਤੇ ਸਿੱਖ ਆਫ਼ ਅਮਰੀਕਾ ਦੇ ਚੇਅਰਮੈਨ ਸਰਦਾਰ ਜਸਦੀਪ ਸਿੰਘ ਜੈਸੀ ਵੱਲੋਂ 250 ਵਜ਼ੀਫ਼ੇ ਦੇਣ ਦੇ ਐਲਾਨ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਇਕ ਧਾਰਮਿਕ ਕੇਂਦਰ ਹੀ ਨਹੀਂ, ਇਹ ਸਭਿਆਚਾਰਕ, ਸੈਰ ਸਪਾਟਾ, ਉਦਯੋਗਿਕ ਅਤੇ ਵਪਾਰਕ ਕੇਂਦਰ ਵੀ ਹੋਣ ਕਾਰਨ ਕਾਰੋਬਾਰੀ ਵਿਕਾਸ ਦੀਆਂ ਅਸੀਮ ਸੀਮਾਵਾਂ ਹਨ।ਇਥੇ ਹੁਨਰਮੰਦ ਨੌਜਵਾਨਾਂ ਦੀ ਕਾਬਲੀਅਤ 'ਚ ਕੋਈ ਕਮੀ ਨਹੀਂ। ਮਿਲ ਕੇ ਹੰਭਲਾ ਮਾਰਿਆ ਜਾਵੇ ਤਾਂ ਅੰਮ੍ਰਿਤਸਰ ਦੀ ਅਵੱਸ਼ ਤਰੱਕੀ ਹੋਵੇਗੀ। ਇਸ ਮੌਕੇ ਭੁਪਿੰਦਰ ਸਿੰਘ ਰੰਧਾਵਾ, ਪ੍ਰੋ: ਗੁਰਵਿੰਦਰ ਸਿੰਘ ਮੰਮਣਕੇ, ਅਜੈਬੀਰ ਪਾਲ ਸਿੰਘ ਰੰਧਾਵਾ, ਹਰਜਿੰਦਰ ਸਿੰਘ ਖਹਿਰਾ, ਜਸਮੀਤ ਸਿੰਘ ਆਹਲੂਵਾਲੀਆ, ਡਾ. ਅਰਿਦਮਨ ਸਿੰਘ ਮਾਹਲ, ਬਲਵਿੰਦਰ ਸਿੰਘ ਸਰਪੰਚ, ਹਰਪਾਲ ਸਿੰਘ ਸਰਪੰਚ, ਜੱਜ ਨਿੱਝਰਪੁਰਾ ਸਰਪੰਚ, ਸ ਜਗਤਾਰ ਸਿੰਘ ਹੁੰਦਲ, ਰਾਵਲ ਸਿੰਘ ਹੁੰਦਲ, ਮਨਿੰਦਰ ਸਿੰਘ ਨੰਗਲੀ, ਨਵਦੀਪ ਸਿੰਘ ਨਿੱਬਾ, ਡਾ: ਅਜੈ ਅਬਰੋਲ, ਅਮਰੀਕ ਸਿੰਘ ਭੁੱਲਰ ਐਮ.ਬੀ.ਏ, ਹਰਜਿੰਦਰ ਸਿੰਘ ਬਾਊ ਸਰਪੰਚ, ਦਿਲਬਾਗ ਸਿੰਘ ਹਵੇਲੀਆਂ, ਚਰਨਜੀਤ ਸਿੰਘ ਹਵੇਲੀਆਂ, ਅਰੁਣ ਕੁਮਾਰ ਕੁੰਦਰਾ ਵਸੀਕਾ ਆਦਿ ਨੇ ਵੀ ਆਪਣੇ ਵਡਮੁੱਲੇ ਵਿਚਾਰ ਰੱਖੇ।

# ਯਾਦਵਿੰਦਰਾ ਸਾਇੰਸਜ਼ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਪ੍ਰਤੀਯੋਗਤਾ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ




ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵੱਲੋਂ ਰਾਸ਼ਟਰੀ ਵਿਗਿਆਨ ਦਿਵਸ ਨੂੰ ਸਮਰਪਿਤ ਸਾਇੰਸ ਮੇਲੇ ਦਾ ਅਯੋਜਨ ਕਰਵਾਇਆ ਗਿਆ। ਇਸ ਸਾਇੰਸ ਮੇਲੇ ਚ ਆਯੋਜਕਾਂ ਵੱਲੋਂ ਵੱਖ-ਵੱਖ ਮੁਕਾਬਲਾ ਪ੍ਰਤਿਯੋਗਤਾਵਾਂ ਕਰਵਾਈਆਂ ਗਈਆਂ। ਸਥਾਨਕ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਦੇ ਬੀ. ਐਸ. ਸੀ. ਕਲਾਸਾਂ ਦੇ ਵਿਦਿਆਰਥੀਆਂ ਨੇ ਇਸ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕੁਇਜ਼ ਮੁਕਾਬਲੇ ਵਿੱਚ ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਮੁਨੀਸ਼ਾ ਸ਼ਰਮਾ, ਗੁਰਕੰਵਲ ਕੌਰ ਤੇ ਅਕਾਸ਼ਦੀਪ ਸਿੰਘ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰਾਂ ਅੰਮ੍ਰਿਤਪਾਲ ਸਿੰਘ ਅਤੇ ਰਾਜਿੰਦਰ ਕੌਰ ਦੀ ਟੀਮ ਨੇ ਪੋਸਟਰਮੇਕਿੰਗ ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ। ਲੇਖ ਰਚਨਾ ਵਿੱਚ ਹਰਨੂਰ ਕੌਰ ਅਤੇ ਕਮਲਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ ਅਤੇ ਦੂਸਰਾ ਸਥਾਨ ਹਾਸਲ ਕੀਤਾ। ਇਸੇ ਵਿਭਾਗ ਤੋਂ ਮਹਿਕਪ੍ਰੀਤ ਕੌਰ ਨੇ ਟਰੈਜ਼ਰ ਪ੍ਰਤੀਯੋਗਤਾ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਜ਼ਿਕਰਯੋਗ ਹੈ ਕਿ ਡਾ. ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਤਿਆਰੀ ਸਬੰਧੀ ਮਹੱਤਵਪੂਰਨ ਨੁਕਤੇ ਸਮਝਾਏ। ਵਿਭਾਗ ਮੁਖੀ ਡਾ. ਅੰਜੂ ਸੈਣੀ ਅਤੇ ਕੈਂਪਸ ਡਾਇਰੈਕਟਰ ਪ੍ਰੋ. (ਡਾ.) ਕਮਲਜੀਤ ਸਿੰਘ ਨੇ ਵਿਦਿਆਰਥੀਆਂ ਦੀ ਪ੍ਰਾਪਤੀ ਤੇ ਖ਼ੁਸ਼ੀ ਪ੍ਰਗਟ ਕਰਦਿਆਂ ਵਧਾਈ ਦਿੱਤੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਮਾਮਲੇ ਵਿਚ ਹਨੀਪ੍ਰੀਤ ਨੂੰ ਵੀਂ ਤੁਰੰਤ ਗ੍ਰਿਫਤਾਰ ਕਰਕੇ ਜੇਲ੍ਹ ਵਿਚ ਸੁੱਟਿਆ ਜਾਵੇ: ਦਿੱਲੀ ਗੁਰਦੁਆਰਾ ਕਮੇਟੀ

## ਮੁੱਖ ਮੰਤਰੀ ਭਗਵੰਤ ਮਾਨ ਆਪਣਾ ਬਣਦਾ ਫਰਜ਼ ਤੁਰੰਤ ਅਦਾ ਕਰਨ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੰਗ ਕੀਤੀ ਹੈ ਕਿ ਪੰਜਾਬ ਵਿਚ ਬਰਗਾੜੀ ਬੇਅਦਬੀ ਕਾਂਡ ਵਿਚ ਡੇਰਾ ਸਿਰਸਾ ਪ੍ਰੇਮੀ ਤੇ ਮੁੱਖ ਦੋਸ਼ੀ ਪ੍ਰਦੀਪ ਕਲੇਰ ਵੱਲੋਂ ਦਿੱਤੇ ਬਿਆਨਾਂ ਦੇ ਆਧਾਰ 'ਤੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੀ ਮਤਰੇਈ ਧੀ ਹਨੀਪ੍ਰੀਤ ਨੂੰ ਵੀਂ ਤੁਰੰਤ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ ।ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਬਹੁਤ ਲੰਬੇ ਸਮੇਂ ਤੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਬਰਗਾੜੀ ਬੇਅਦਬੀ ਮਾਮਲੇ ਅਤੇ ਕੋਟਕਪੁਰ ਤੇ ਬਹਿਬਲ ਕਲਾਂ ਗੋਲੀ ਕਾਂਡ ਮਾਮਲੇ ਦਾ ਇਨਸਾਫ ਮੰਗ ਰਹੀਆਂ ਹਨ।ਉਹਨਾਂ ਕਿਹਾ ਕਿ ਹੁਣ ਜਦੋਂ ਮੁੱਖ ਦੋਸ਼ੀ ਪ੍ਰਦੀਪ ਕਲੇਰ ਨੇ ਧਾਰਾ 164 ਤਹਿਤ ਮੈਜਿਸਟਰੇਟ ਸਾਹਮਣੇ ਬਿਆਨ ਦਰਜ ਕਰਵਾ ਕੇ ਦੱਸਿਆ ਹੈ ਕਿ ਇਕ ਮੀਟਿੰਗ ਦੌਰਾਨ ਹਨੀਪ੍ਰੀਤ ਨੇ ਸਪਸ਼ਟ ਕਿਹਾ ਸੀ ਕਿ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕੀਤੀ ਜਾਵੇ ਅਤੇ ਮੌਕੇ 'ਤੇ ਹਾਜ਼ਰ ਡੇਰਾ ਗੁਰਮੀਤ ਰਾਮ ਰਹੀਮ ਨੇ ਵੀ ਹਾਮੀ ਭਰੀ ਸੀ ਕਿ ਹਨੀਪ੍ਰੀਤ ਦੇ ਕਹਿਣ ਮੁਤਾਬਕ ਬੇਅਦਬੀ ਕੀਤੀ ਜਾਵੇ।ਉਹਨਾਂ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਪੰਜਾਬ ਦੀਆਂ ਸਿਆਸੀ ਪਾਰਟੀਆਂ ਜਿਹਨਾਂ ਵਿਚ ਕਾਂਗਰਸ, ਆਮ ਆਦਮੀ ਪਾਰਟੀ (ਆਪ), ਸ਼੍ਰੋਮਣੀ ਅਕਾਲੀ ਦਲ ਤੇ ਹੋਰ ਪਾਰਟੀਆਂ ਸ਼ਾਮਲ ਹਨ, ਨੇ ਇਸ ਬਾਰੇ ਕੋਈ ਪ੍ਰਤੀਕਰਮ ਨਹੀਂ ਦਿੱਤਾ ਤੇ ਸਭ ਨੇ ਮੋਨ ਧਾਰਿਆ ਹੋਇਆ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੂੰ ਤੁਰੰਤ ਮਾਮਲੇ ਵਿਚ ਕਾਰਵਾਈ ਕਰਦਿਆਂ ਹਨੀਪ੍ਰੀਤ ਤੇ ਹੋਰ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ।

# ਪਿੰਡ ਉਦੋਨੰਗਲ ਵਿੱਚ ਬੱਚਿਆਂ ਨੂੰ ਵੰਡੀਆਂ ਸਪੋਰਟਸ ਕਿੱਟਾਂ

**ਚੌਕ ਮਹਿਤਾ, 18 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਮੁੱਖ ਮੰਤਰੀ ਪੰਜਾਬ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਬੱਚਿਆਂ ਨੂੰ ਨਸਿਆ ਦੀ ਦਲਦਲ ਤੋਂ ਦੂਰ ਰੱਖਣ ਲਈ ਤੇ ਉਨ੍ਹਾਂ ਨੂੰ ਪਿੰਡ ਪਿੰਡ ਜਾਕੇ ਬੱਚਿਆਂ ਨੂੰ ਸਪੋਰਟਸ ਕਿੱਟਾਂ ਵੰਡੀਆਂ ਜਾ ਰਹੀਆਂ ਹਨ ।ਇਸੇ ਉਪਰਾਲੇ ਸਦਕਾ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਧਰਮਪਤਨੀ ਮੈਡਮ ਸੁਰਿੰਦਰ ਕੌਰ ਨੇ ਬੀਤੇ ਦਿੰਨੀ ਪਿੰਡ ਉਦੋਂ ਨੰਗਲ ਦੇ ਸਟੇਡੀਅਮ ਵਿੱਚ ਬੱਚਿਆਂ ਨੂੰ ਸਪੋਰਟਸ ਕਿੱਟਾਂ ਵੰਡੀਆ ਇਸ ਦੌਰਾਨ ਮੈਡਮ ਸੁਨੈਨਾ, ਚੇਅਰਮੈਨ ਡਾ, ਗੁਰਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਅਜੇ ਗਾਂਧੀ, ਹਲਕਾ ਜੰਡਿਆਲਾ ਗੁਰੂ ਸੀਨੀਅਰ ਆਗੂ ਗੁਰਜਿੰਗਰ ਸਿੰਘ ਲਲਾਡ ਸੂਰੋ ਪੱਡਾ, ਜਰਮਨ ਸਿੰਘ ਉਦੋਂ ਨੰਗਲ, ਜਸਕਰਨ ਸਿੰਘ ਸੰਧੂ, ਹਲਕਾ ਕੋਆਰਡੀਨੇਟ ਬੀ, ਸੀ, ਬੱਬੀ ਮਹਿਤਾ, ਬਲਜੀਤ ਸਿੰਘ ਚਾਹਲ, ਸੁਖਦੇਵ ਸਿੰਘ ਬੁੱਟਰ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

### ਸਿਆਸੀ ਸਥਿਰਤਾ, ਮਜ਼ਬੂਤ ਲੀਡਰਸ਼ਿਪ ਅਤੇ ਨੌਜਵਾਨ ਸ਼ਕਤੀ ਭਾਰਤ ਦਾ ਗੌਰਵ ਹਨ-ਤਰਨਜੀਤ ਸਿੰਘ ਸੰਧੂ

# ਭਾਰਤ ਦੀ ਤਰੱਕੀ ਨੂੰ ਦੁਨੀਆ ਦੇ ਸਭ ਤੋਂ ਵਿਕਸਤ ਦੇਸ਼ ਨੇ ਮਾਨਤਾ ਦਿੱਤੀ ਹੈ









**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਚਨਦ ਰਿਸਰਚ ਇੰਸਟੀਚਿਊਟ ਦੀ ਤਰਫੋਂ "ਭਾਰਤ ਇੱਕ ਉਭਰਦੀ ਵਿਸ਼ਵ ਸ਼ਕਤੀ" ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ-ਅਮਰੀਕਾ ਸਬੰਧਾਂ ਨੇ ਇੱਕ ਮਜ਼ਬੂਤ ਭਾਈਵਾਲੀ ਦਾ ਰੂਪ ਧਾਰ ਲਿਆ ਹੈ, ਜਿਸ ਦਾ ਮੁੱਖ ਕਾਰਨ ਭਾਰਤ ਵਿੱਚ ਸਿਆਸੀ ਸਥਿਰਤਾ, ਮਜ਼ਬੂਤ ਲੀਡਰਸ਼ਿਪ ਅਤੇ ਆਬਾਦੀ ਤੇ ਨੌਜਵਾਨ ਸ਼ਕਤੀ ਹੈ। ਭਾਰਤ ਪ੍ਰਤੀ ਅਮਰੀਕੀ ਲੀਡਰਸ਼ਿਪ ਦਾ ਨਜ਼ਰੀਆ ਅਸਾਧਾਰਨ ਤੌਰ 'ਤੇ ਬਦਲਿਆ ਹੈ, ਜਿਸ ਦਾ ਇਕ ਮੁੱਖ ਕਾਰਨ ਉਥੇ ਰਹਿੰਦੇ ਪ੍ਰਵਾਸੀ ਭਾਰਤੀਆਂ ਵਿਚ ਪ੍ਰਧਾਨ ਮੰਤਰੀ ਮੋਦੀ ਦੀ ਲੋਕਪ੍ਰਿਅਤਾ ਵਿਚ ਅਹਿਮ ਭੂਮਿਕਾ ਹੈ। ਪੁਲਾੜ, ਸਿਹਤ ਸੇਵਾਵਾਂ, ਟੈਕਨਾਲੋਜੀ ਤੋਂ ਲੈ ਕੇ ਵਪਾਰ ਤੱਕ, ਜਿੱਥੇ ਭਾਰਤੀਆਂ ਦਾ ਦਬਦਬਾ ਹੈ, ਹਰ ਖੇਤਰ ਵਿੱਚ ਅਮਰੀਕਾ ਵਿੱਚ ਭਾਰਤੀ ਡਾਇਸਪੋਰਾ ਦਾ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਯੋਗਦਾਨ ਹੋਰ ਵੀ ਮਹੱਤਵਪੂਰਨ ਹੈ। ਅਮਰੀਕਾ ਵਿੱਚ, ਜੇਕਰ ਕੋਈ ਬੋਰਡ ਮੈਂਬਰ ਭਾਰਤੀ ਹੈ, ਤਾਂ ਉਸਦੇ ਸ਼ੇਅਰ ਦੀ ਕੀਮਤ ਵਧ ਜਾਂਦੀ ਹੈ, ਇਹ ਭਾਰਤੀ ਉੱਦਮੀਆਂ ਦਾ ਇੱਕ ਸਕਾਰਾਤਮਕ ਪ੍ਰਭਾਵ ਹੈ। ਜਿੱਥੇ ਰਾਸ਼ਟਰਪਤੀ ਟਰੰਪ ਸ਼੍ਰੀ ਮੋਦੀ ਦੇ ਪ੍ਰਸ਼ੰਸਕ ਰਹੇ ਹਨ, ਉੱਥੇ ਹੀ ਦੂਜੇ ਪਾਸੇ ਰਾਸ਼ਟਰਪਤੀ ਬਿਡੇਨ ਨੇ ਵੀ ਵੱਖ-ਵੱਖ ਖੇਤਰਾਂ ਵਿੱਚ ਭਾਰਤ ਦੀ ਸ਼ਲਾਘਾਯੋਗ ਤਰੱਕੀ ਦੀ ਜਨਤਕ ਤੌਰ 'ਤੇ ਤਾਰੀਫ਼ ਕੀਤੀ ਹੈ। ਜਦੋਂ ਭਾਰਤ ਦੀ ਤਰੱਕੀ ਨੂੰ ਦੁਨੀਆ ਦੇ ਸਭ ਤੋਂ ਵਿਕਸਤ ਦੇਸ਼ ਨੇ ਮਾਨਤਾ ਦਿੱਤੀ ਹੈ, ਤਾਂ ਭਾਰਤ ਨੇ ਯਕੀਨੀ ਤੌਰ 'ਤੇ ਆਪਣੇ ਆਪ ਨੂੰ ਇੱਕ ਵਿਸ਼ਵ ਸ਼ਕਤੀ ਵਜੋਂ ਸਥਾਪਿਤ ਕੀਤਾ ਹੈ। ਇਹ ਤੈਅ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ। ਇਸ ਵਿੱਚ ਸਭ ਤੋਂ ਵੱਡੀ ਤਾਕਤ ਸਾਡੀ ਨੌਜਵਾਨਾਂ ਅਬਾਦੀ ਹਨ। ਅੱਜ ਸਾਰੇ ਯੂਰਪੀ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ। ਭਾਰਤ ਦੇ 1.40 ਕਰੋੜ ਲੋਕਾਂ ਵਿੱਚੋਂ 50% ਤੋਂ ਵੱਧ ਨੌਜਵਾਨ ਹਨ। ਤਰਨਜੀਤ ਸਿੰਘ ਸੰਧੂ ਨੇਕਿਹਾਕਿ ਅਜਿਹੇ ਸਮੇਂ ਵਿੱਚ ਅਸੀਂ ਆਪਣੇ ਅੰਮ੍ਰਿਤਸਰ ਅਤੇ ਪੰਜਾਬ ਨੂੰ ਵੀ ਖੁਸ਼ਹਾਲ ਅਤੇ ਬੁਲੰਦੀਆਂ 'ਤੇ ਲੈ ਕੇ ਜਾਣਾ ਹੈ। ਪੰਜਾਬੀ ਨੌਜਵਾਨਾਂ ਵਿੱਚ ਸਮਰੱਥਾ ਹੈ, ਉਨ੍ਹਾਂ ਦੀ ਸੋਚ ਬਦਲਣ ਅਤੇ ਉਨ੍ਹਾਂ ਨੂੰ ਸੇਧ ਦੇਣ ਦੀ ਲੋੜ ਹੈ। ਅੰਮ੍ਰਿਤਸਰ ਦੇ ਕਾਟੇਜ ਇੰਡਸਟਰੀਜ਼, ਖੇਤੀਬਾੜੀ ਉਪਜ, ਦਸਤਕਾਰੀ, ਰਸੋਈ ਆਦਿ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦੇ ਕੇ ਵਿਸ਼ਵ ਸਪਲਾਈ ਲੜੀ ਦਾ ਹਿੱਸਾ ਬਣਾਉਣ ਦੀ ਲੋੜ ਹੈ। ਅੰਮ੍ਰਿਤਸਰ ਦੇ ਰਾਜਾਸਾਂਸੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕਾਰਗੋ ਸਹੂਲਤ ਦੀ ਵਰਤੋਂ ਕਰਨੀ ਪਵੇਗੀ। ਅਮਰੀਕਾ ਵਿਚ ਹਵਾਈ ਜਹਾਜ਼ਾਂ ਦਾ ਬਾਲਣ ਅਤੇ ਸੜਕਾਂ ਬਣਾਉਣ ਲਈ ਪਰਾਲੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਉਸ ਅਮਰੀਕੀ ਕੰਪਨੀ ਦਾ ਸੀਈਓ ਪੰਜਾਬੀ ਹੈ। ਡਾ: ਚੰਦ, ਡਾ: ਰਤਨ ਲਾਲ, ਨਿੱਕੀ ਹੈਰੀ ਦੇ ਪਿਤਾ, ਇਹ ਸਾਰੇ ਪੰਜਾਬ ਐਗਰੀਕਲਚਰਲ ਸਕੂਲ ਦੇ ਸਾਬਕਾ ਵਿਦਿਆਰਥੀ ਹਨ। ਪੰਜਾਬ ਦੀ ਖੇਤੀ ਅਧਾਰਤ ਆਰਥਿਕਤਾ ਵਿੱਚ ਯੋਗਦਾਨ ਪਾਉਣ ਲਈ ਉਤਸੁਕ। ਅੱਜ ਉਹ ਸਮਾਂ ਆ ਗਿਆ ਹੈ ਜਦੋਂ ਭਾਰਤੀ ਵਿਦੇਸ਼ਾਂ ਤੋਂ ਆਪਣੀ ਮਾਤ ਭੂਮੀ ਨੂੰ ਪਰਤਣਗੇ। ਸਾਨੂੰ ਆਪਣੀ ਸਿੱਖਿਆ ਵਿੱਚ ਹੁਨਰ ਨੂੰ ਪਹਿਲ ਦੇਣੀ ਹੋਵੇਗੀ। ਨੌਜਵਾਨਾਂ ਨੂੰ ਸੁਚੇਤ ਕਰਨ ਦੀ ਲੋੜ ਹੈ ਕਿ ਬਾਹਰ ਜਾਣ ਦੀ ਇਹ ਕਾਹਲੀ ਜਲਦੀ ਖ਼ਤਮ ਹੋਣ ਵਾਲੀ ਹੈ। ਕਿਉਂਕਿ ਭਾਰਤੀ ਅਰਥਵਿਵਸਥਾ ਇੱਕ ਬੇਮਿਸਾਲ ਅਤੇ ਕ੍ਰਾਂਤੀਕਾਰੀ ਸਕਾਰਾਤਮਕ ਪੜਾਅ ਵਿੱਚ ਹੈ। ਸਿਰਫ਼ ਮਜ਼ਬੂਤ ਲੀਡਰਸ਼ਿਪ, ਦ੍ਰਿੜ੍ਹ ਇਰਾਦੇ, ਜਾਗਰੂਕਤਾ ਵਿੱਚ ਤਬਦੀਲੀ ਅਤੇ ਸਿੱਖਿਆ ਦੀ ਲੋੜ ਹੈ। ਹੁਣ ਸਮਾਂ ਪੱਛਮ ਤੋਂ ਪੂਰਬ ਵੱਲ ਆ ਰਿਹਾ ਹੈ। ਸੈਮੀਨਾਰ ਵਿੱਚ ਡਾ: ਸੁਜਾਤਾ ਸ਼ਰਮਾ ਸਾਬਕਾ ਪ੍ਰਿੰਸੀਪਲ ਅੰਮ੍ਰਿਤਸਰ ਮੈਡੀਕਲ ਕਾਲਜ, ਪ੍ਰੋ. ਵਿਨੇ ਕਪੂਰ ਮਹਿਰਾ ਸਾਬਕਾ ਵਾਈਸ ਚਾਂਸਲਰ, ਡਾ: ਗੌਰਵ ਤੇਜਪਾਲ ਪ੍ਰਿੰਸੀਪਲ ਅੰਮ੍ਰਿਤਸਰ ਇੰਜਨੀਅਰਿੰਗ ਕਾਲਜ, ਪ੍ਰਿੰਸੀਪਲ ਰਜਨੀ ਡੋਗਰਾ, ਪ੍ਰਿੰਸੀਪਲ ਰੀਨਾ ਠਾਕੁਰ, ਡਾ: ਅਨਿਲ ਪੁਰੀ, ਡਾ: ਕੇਵਲ ਭੱਲਾ, ਡਾ: ਆਰ. ਦੇ. ਤੁਲੀ, ਸੀਏ ਪਦਮ ਧਵਨ, ਅਰਵਿੰਦ ਸੂਬਾ ਆਰਗੇਨਾਈਜ਼ਰ ਸਵਦੇਸ਼ੀ, ਸੀਏ ਅਮਿਤ ਹਾਂਡਾ, ਸੀਏ ਭਾਵੇਸ਼ ਮਹਾਜਨ, ਰੀਨਾ ਜੇਤਲੀ, ਡਾ: ਗੋਸਵਾਮ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਸੈਮੀਨਾਰ ਦਾ ਸੰਚਾਲਨ ਡਾ: ਨੇਹਾ ਤੇਜਪਾਲ ਨੇ ਕੀਤਾ, ਮੁੱਖ ਮਹਿਮਾਨ ਦਾ ਸਵਾਗਤ ਡਾ: ਅਰੁਣ ਮਹਿਰਾ ਕੌਮੀ ਮੀਤ ਪ੍ਰਧਾਨ ਪੰਚਨਦ ਨੇ ਕੀਤਾ ਅਤੇ ਵਿਪਨ ਭਸੀਨ ਵੱਲੋਂ ਸਨਮਾਨ ਚਿੰਨ੍ਹ ਦਿੱਤਾ ਗਿਆ ਮੀਟਿੰਗ ਵਿੱਚ ਸਵਦੇਸ਼ੀ ਜਾਗਰਣ ਮੰਚ, ਮਹਿਲਾ ਸਮਨਵਯ ਅਤੇ ਅਰੋਗਿਆ ਭਾਰਤੀ ਨਾਲ ਜੁੜੇ ਜਾਗਰੂਕ ਨਾਗਰਿਕਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

**ਅਸੀਂ ਆਪਣੇ ਅੰਮ੍ਰਿਤਸਰ ਅਤੇ ਪੰਜਾਬ ਨੂੰ ਖੁਸ਼ਹਾਲ ਅਤੇ ਬੁਲੰਦੀਆਂ 'ਤੇ ਲੈ ਕੇ ਜਾਣਾ ਹੈ**




ਆਵਾਜ਼ਿ ਕੌਮ AWAZE QAUM International Newspaper & WEB TV

## ਵਿਧਾਇਕ ਜੀਵਨਜੋਤ ਕੌਰ ਵੱਲੋਂ ਕਰਵਾਏ ਗਏ ਸਬਜ਼ੀ ਮੰਡੀ ਦੇ ਮਸਲਿਆਂ ਦੇ ਹੱਲ ਤੋਂ ਪ੍ਰਭਾਵਿਤ ਹੋ ਕੇ ਗੁਰਸੇਵਕ ਸਿੰਘ ਆਪਣੇ ਸਾਥੀਆਂ ਸਮੇਤ 'ਆਪ' ਵਿੱਚ ਹੋਏ ਸ਼ਾਮਲ



**ਚੌਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰਸੇਵਕ ਸਿੰਘ ਆੜਤੀ ਦੀ ਅਗਵਾਈ ਹੇਠ ਕਰਵਾਏ ਗਏ ਇੱਕ ਵਿਸ਼ੇਸ਼ ਪ੍ਰੋਗਰਾਮ ਵਿੱਚ ਹਲਕਾ ਪੂਰਬੀ ਦੀ ਵਿਧਾਇਕ ਜੀਵਨਜੋਤ ਕੌਰ ਨੂੰ ਸਨਮਾਨਿਤ ਕਰਦੇ ਹੋਏ ਸਬਜ਼ੀ ਮੰਡੀ ਵੱਲਾ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਧੰਨਵਾਦ ਕੀਤਾ। ਵਰਣਨਯੋਗ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ 'ਤੇ ਹਲਕਾ ਵਿਧਾਇਕ ਬੀਬੀ ਜੀਵਨਜੋਤ ਕੌਰ ਨੇ ਸਬਜ਼ੀ ਮੰਡੀ 'ਚ ਪਿਛਲੇ 20 ਸਾਲਾਂ ਤੋਂ ਆਰਜ਼ੀ ਤੌਰ 'ਤੇ ਬੈਠ ਕੇ ਸਬਜ਼ੀ ਵੇਚਣ ਲਈ ਜਗ੍ਹਾ ਨੂੰ ਤਰਸ ਰਹੇ ਦੁਕਾਨਦਾਰਾਂ ਨੂੰ ਨਿਸ਼ਚਿਤ ਜਗ੍ਹਾ 'ਤੇ ਬੈਠਣ ਅਤੇ ਸਬਜ਼ੀ ਵੇਚਣ ਦੀ ਹਦਾਇਤ ਕਰਕੇ ਜਗਹਾ ਅਲਾਟ ਕਰਵਾਈ ਸੀ । ਜਿਸ ਕਾਰਨ 3:50 ਤੋਂ ਵੱਧ ਸਬਜ਼ੀ ਵਿਕਰੇਤਾ ਉਸ ਥਾਂ 'ਤੇ ਬੈਠ ਕੇ ਸਬਜ਼ੀ ਵੇਚਣ ਲੱਗ ਪਏ ਹਨ। ਅਤੇ ਇਨ੍ਹਾਂ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਮੈਡਮ ਜੀਵਨਜੋਤ ਕੌਰ ਦੇ ਇਸ ਸ਼ਲਾਘਾਯੋਗ ਕਦਮ ਤੋਂ ਪ੍ਰਭਾਵਿਤ ਹੋ ਕੇ ਸਬਜ਼ੀ ਮੰਡੀ ਦੇ ਆੜਤੀ ਗੁਰਸੇਵਕ ਸਿੰਘ ਆਪਣੇ ਸਾਥੀਆਂ ਅਜੈ ਭਾਟੀ, ਮਹਿੰਦਰ ਸਿੰਘ, ਭੁਪਿੰਦਰ ਸਿੰਘ, ਗੁਰਪ੍ਰਤਾਪ ਸਿੰਘ, ਪ੍ਰਿੰਸ, ਵਿਕਰਮ ਸਿੰਘ, ਹਰੀਸ਼, ਯੁਵਰਾਜ ਸਿੰਘ, ਪਰਸ਼ੋਤਮ, ਦਲਜੀਤ ਸਿੰਘ, ਮਨਦੀਪ ਸਿੰਘ, ਕਰਮਜੀਤ ਸਿੰਘ, ਪ੍ਰਕਾਸ਼, ਲੱਕੀ ਟੀ.ਆਰ., ਰਾਜਾ 28 ਨੰਬਰ, ਬਜਾਜ ਟਰੇਡਿੰਗ, ਦਰਸ਼ੀ ਪ੍ਰਧਾਨ, ਮਨਜਿੰਦਰ ਸਿੰਘ ਮੰਨਾ, ਦਲਜੀਤ ਸਿੰਘ, ਮਨਦੀਪ ਸਿੰਘ, ਸੰਜੇ ਅਤੇ ਰੋਹਤ ਆਦਿ ਕਈ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਜਿਨਾਂ ਨੂੰ ਹਲਕਾ ਵਿਧਾਇਕ ਜੀਵਨਜੋਤ ਕੌਰ ਨੇ ਆਮ ਆਦਮੀ ਪਾਰਟੀ ਦਾ ਹਿੱਸਾ ਬਣਨ 'ਤੇ ਉਨ੍ਹਾਂ ਦਾ ਰਸਮੀ ਤੌਰ ਸਰੋਪਾ ਦੇ ਕੇ ਸਨਮਾਨਿਤ ਕਰਦੇ ਹੋਏ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਉਨ੍ਹਾਂ ਦੀ ਅਗਵਾਈ 'ਚ ਸਬਜ਼ੀ ਮੰਡੀ ਦੇ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ ਅਤੇ ਸਬਜ਼ੀ ਮੰਡੀ ਦੇ ਦੁਕਾਨਦਾਰਾਂ ਨੂੰ ਕੋਈ ਮੁਸ਼ਿਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ,

ਆਵਾਜ਼ਿ ਕੌਮ AWAZE QAUM International Newspaper & WEB TV

## ਮਜੀਠੀਆ ਦੇ ਸਿਆਸੀ ਸਲਾਹਕਾਰ ਐਡਵੋਕੇਟ ਰਾਕੇਸ਼ ਪਰਾਸ਼ਰ ਦੇ ਭਾਜਪਾ 'ਚ ਸ਼ਾਮਿਲ ਹੋਣ 'ਤੇ ਆਗੂਆਂ ਕੀਤਾ ਸਵਾਗਤ

### ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿਚ ਸ਼ਾਮਿਲ ਹੋਇਆ ਹਾਂ: ਐਡਵੋਕੇਟ ਰਾਕੇਸ਼ ਪਰਾਸ਼ਰ



**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਜਨਰਲ ਸਕੱਤਰ ਸ: ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਐਡਵੋਕੇਟ ਸ਼੍ਰੀ ਰਾਕੇਸ਼ ਪਰਾਸ਼ਰ ਵੱਲੋਂ ਭਾਜਪਾ ਪੰਜਾਬ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਜੀ ਦੀ ਮੌਜੂਦਗੀ ਵਿਚ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਭਾਜਪਾ ਪਰਿਵਾਰ ਦਿਨ ਪ੍ਰਤੀ ਦਿਨ ਵੱਡਾ ਅਤੇ ਮਜ਼ਬੂਤ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਪ੍ਰਸਾਰ ਜੋ ਕਿ ਅਕਾਲੀ ਦਲ ਲੀਗਲ ਸੈੱਲ ਦੇ ਆਗੂ ਅਤੇ ਪੰਜਾਬ ਬ੍ਰਾਹਮਣ ਸਭਾ ਦੇ ਮੀਤ ਪ੍ਰਧਾਨ ਵੀ ਹਨ, ਇਕ ਸਖ਼ਤ ਮਿਹਨਤੀ ਅਤੇ ਇਮਾਨਦਾਰ ਆਗੂ ਹਨ। ਉਨ੍ਹਾਂ ਦੇ ਤਜਰਬੇ ਦਾ ਭਾਜਪਾ ਪੂਰਾ ਲਾਭ ਉਠਾਏਗੀ। ਐਡਵੋਕੇਟ ਪ੍ਰਸਾਰ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿਚ ਸ਼ਾਮਿਲ ਹੋਏ ਹਨ।

ਭਾਜਪਾ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ। ਇਸ ਮੌਕੇ ਐਡਵੋਕੇਟ ਪ੍ਰਸਾਰ ਦਾ ਭਾਜਪਾ ਵਿਚ ਆਉਣ 'ਤੇ ਸਵਾਗਤ ਕਰਨ ਵਾਲਿਆਂ ਵਿਚ ਪੰਜਾਬ ਭਾਜਪਾ ਬੁਲਾਰੇ ਪ੍ਰੋ. ਗੁਰਵਿੰਦਰ ਸਿੰਘ ਮੰਮਣਕੇ, ਕੋਰ ਕਮੇਟੀ ਮੈਂਬਰ ਗੁਰਪ੍ਰਤਾਪ ਸਿੰਘ ਟਿੱਕਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਜੈਬੀਰ ਪਾਲ ਸਿੰਘ ਰੰਧਾਵਾ, ਜਨਰਲ ਸਕੱਤਰ ਪੰਜਾਬ ਹਰਦੀਪ ਸਿੰਘ ਗਿੱਲ, ਆਲਮਬੀਰ ਸਿੰਘ ਸੰਧੂ, ਸ਼ੈਟੀ, ਐਡਵੋਕੇਟ ਲਖਵਿੰਦਰ ਸਿੰਘ ਪਟਿਆਲਾ, ਐਡਵੋਕੇਟ ਸਰਤਾਜ ਸਿੰਘ, ਐਡਵੋਕੇਟ ਪ੍ਰਮਿੰਦਰਜੀਤ ਤੇ ਰਾਜਪਾਲ ਚੌਹਾਨ ਵੀ ਸ਼ਾਮਿਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਹਜ਼ੂਰੀ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਜੀ ਪਿੰਡ ਵਾੜਾ ਸ਼ੇਰ ਸਿੰਘ ਤਰਨ ਤਾਰਨ ਵਿਖੇ

# ਰਾਤਰੀ ਦੇ ਦੀਵਾਨ ਵਿੱਚ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ

## ਗਿਆਨੀ ਸੁਖਦੇਵ ਸਿੰਘ ਜੀ ਦਾ ਨਗਰ ਵਾੜਾ ਸ਼ੇਰ ਸਿੰਘ ਪਹੁੰਚਣ ਤੇ ਜੋਸ਼ੋ ਖਰੋਸ਼ ਫੁੱਲਾਂ ਦੀ ਵਰਖਾ ਨਾਲ ਸੁਆਗਤ ਕੀਤਾ ਗਿਆ















**ਤਰਨਤਾਰਨ, 18 ਮਾਰਚ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**- ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਦੇ ਹਜ਼ੂਰੀ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਜੀ ਨੇ ਮਿਤੀ 17-03-24 ਦਿਨ ਐਤਵਾਰ ਨੂੰ ਗੁਰਦੁਆਰਾ ਦੀਵਾਨ ਹਾਲ ਮੰਜੀ ਸਾਹਿਬ ਅੰਮ੍ਰਿਤਸਰ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਆਏ ਹੋਏ ਪਾਵਨ ਹੁਕਮਨਾਮੇ ਦੀ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਅਤੇ ਸਮੂਹ ਸੰਗਤਾਂ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਗਿਆਨੀ ਸੁਖਦੇਵ ਸਿੰਘ ਜੀ ਸ਼ਾਮ ਨੂੰ ਨਗਰ ਵਾੜਾ ਸ਼ੇਰ ਸਿੰਘ ਵਿਖੇ ਪਹੁੰਚੇ ਸੰਗਤਾਂ ਵੱਲੋਂ ਬਹੁਤ ਹੀ ਜੋਸ਼ੋ ਖਰੋਸ਼ ਨਾਲ ਫੁੱਲਾਂ ਦੀ ਵਰਖਾ ਕਰਕੇ ਗਿਆਨੀ ਸੁਖਦੇਵ ਸਿੰਘ ਜੀ ਦਾ ਸਵਾਗਤ ਕੀਤਾ ਗਿਆ। ਰਾਤਰੀ ਦੇ ਦੀਵਾਨ ਵਿੱਚ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਨਗਰ ਵਾੜਾ ਸ਼ੇਰ ਸਿੰਘ ਵਿਖੇ ਗਿਆਨੀ ਸੁਖਦੇਵ ਸਿੰਘ ਜੀ ਨੇ ਕਥਾ ਦੀ ਛਹਿਬਰ ਲਾਈ ਅਤੇ ਸੰਗਤਾਂ ਨੂੰ ਨਾਮ ਸਿਮਰਨ ਬਾਣੀ ਨਾਲ ਜੋੜਿਆ। ਬਾਬਾ ਬੀਰ ਸਿੰਘ ਜੀ ਨੌਜਵਾਨ ਸਭਾ ਅਤੇ ਸਮੂਹ ਨਗਰ ਪੰਚਾਇਤ ਸੰਗਤਾਂ ਵੱਲੋਂ ਗਿਆਨੀ ਸੁਖਦੇਵ ਸਿੰਘ ਜੀ ਦਾ ਸਨਮਾਨ ਕੀਤਾ ਗਿਆ। ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਸਮੂਹ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ।ਆਈਆਂ ਸੰਗਤਾਂ ਵਾਸਤੇ ਗੁਰੂ ਕੇ ਲੰਗਰ ਅਤੁੱਟ ਵਰਤੇ। ਪਕੌੜਿਆਂ ਦੀ ਸੇਵਾ ਬਾਬਾ ਬੀਰ ਸਿੰਘ ਜੀ ਨੌਜਵਾਨ ਸਭਾ ਵੱਲੋਂ ਕੀਤੀ ਗਈ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆ ਦੱਸਿਆ ਕਿ ਜੋ ਅਸੀਂ ਬਹੁਤ ਹੀ ਖੁਸ਼ਿਕਸਮਤ ਵਾਲੇ ਹਾਂ ਜੋ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਗਿਆਨੀ ਸੁਖਦੇਵ ਸਿੰਘ ਜੀ ਨੇ ਸਾਡੇ ਨਗਰ ਪਹੁੰਚ ਕੇ ਸੰਗਤਾਂ ਨੂੰ ਕਥਾ ਰਾਹੀਂ ਨਿਹਾਲ ਕੀਤਾ ਨਾਮ ਬਾਣੀ ਨਾਲ ਜੋੜਿਆ।ਅਸੀਂ ਸਮੂਹ ਨਗਰ ਪੰਚਾਇਤ ਅਤੇ ਇਲਾਕੇ ਦੀਆਂ ਸੰਗਤਾਂ ਗਿਆਨੀ ਸੁਖਦੇਵ ਸਿੰਘ ਜੀ ਦਾ ਧੰਨਵਾਦ ਕਰਦੇ ਹਾਂ। ਸੰਗਤਾਂ ਵੱਲੋਂ ਬਹੁਤ ਹੀ ਅਥਾਹ ਪ੍ਰੇਮ ਪਿਆਰ ਅਤੇ ਜੋਸ਼ੋ ਖਰੋਸ਼ ਨਾਲ ਸਿੰਘ ਸਾਹਿਬ ਜੀ ਦਾ ਸਵਾਗਤ ਕੀਤਾ ਗਿਆ ਹੈ।ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਸਮੂਹ ਅਹੁਦੇਦਾਰ ਵਿਸ਼ੇਸ਼ ਤੌਰ ਤੇ ਪਹੁੰਚੇ ਜਿਨਾਂ ਵਿੱਚ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ, ਸ੍ਰ ਕਾਰਜ ਸਿੰਘ ਜੀ ਡਲੀਰੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਕਿਸਾਨ ਬਚਾਊ ਮੋਰਚਾ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਅਤੇ ਹੋਰ ਸਮੂਹ ਵਰਕਰ ਸਾਹਿਬਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਬਾਬਾ ਜਰਨੈਲ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਵਾੜਾ ਸ਼ੇਰ ਸਿੰਘ, ਸ੍ਰ ਚਾਨਣ ਸਿੰਘ ਮੌਜੂਦਾ ਸਰਪੰਚ ਵਾੜਾ ਸ਼ੇਰ ਸਿਘ, ਜਥੇਦਾਰ ਦੇਵਾ ਸਿੰਘ, ਸ੍ਰ ਰਮਨਬੀਰ ਸਿੰਘ ਨੰਬਰਦਾਰ, ਸ੍ਰ ਦਲੇਰ ਸਿੰਘ ਮੱਲੀ ਅਮਰਕੋਟ, ਸ੍ਰ ਸਤਪਾਲ ਸਿੰਘ ਬਰਾਨਾ ,ਬਾਬਾ ਸਤਨਾਮ ਸਿੰਘ ਅਲਗੋ, ਸ੍ਰ ਸੁਖਦੇਵ ਸਿੰਘ ਵਾੜਾ ਤੇਲੀਆਂ, ਰਾਗੀ ਭਾਈ ਪ੍ਰਤਾਪ ਸਿੰਘ ਜੀ ਛੰਨਾ ਸਰਜਾ ਮਿਰਜਾ, ਗੁਰਮੀਤ ਸਿੰਘ ਛੰਨਾ, ਸ੍ਰ ਕੁਲਵੰਤ ਸਿੰਘ ਬਹਿਕਾ ਵਾੜਾ ਸ਼ੇਰ ਸਿਘ, ਗੁਰਜੀਤ ਸਿੰਘ ਸਪੁੱਤਰ ਪਾਲ ਸਿੰਘ ,ਜਰਨੈਲ ਸਿੰਘ ਸਪੁੱਤਰ ਮੇਜਰ ਸਿੰਘ, ਹਰਦੇਵ ਸਿੰਘ ਸਪੁੱਤਰ ਹਰਜੀਤ ਸਿੰਘ ਗੁਰਦੇਵ ਸਿੰਘ ਸਪੁੱਤਰ ਗਿਆਨੀ ਕਰਮ ਸਿੰਘ, ਗੁਰਸੇਵਕ ਸਿੰਘ ਸਤਨਾਮ ਸਿੰਘ ਸੁਖਦੇਵ ਸਿੰਘ ਸਪੁੱਤਰ ਗਿਆਨੀ ਅਰੂੜ ਸਿੰਘ, ਨਿਸ਼ਾਨ ਸਿੰਘ ,ਰਾਜ ਸਿੰਘ ਸਪੁੱਤਰ ਬਖਸ਼ੀਸ਼ ਸਿੰਘ, ਹਰਪਾਲ ਸਿੰਘ ਸਪੁੱਤਰ ਸ਼ਿੰਗਾਰਾ ਸਿੰਘ, ਬਲਵੰਤ ਸਿੰਘ ,ਗੁਰਸ਼ਰਨ ਸਿੰਘ ਅਤੇ ਇਸ ਤੋਂ ਇਲਾਵਾ ਬਾਬਾ ਬੀਰ ਸਿੰਘ ਜੀ ਨੌਜਵਾਨ ਸਭਾ ਦੇ ਸਮੂਹ ਮੈਂਬਰ ਅਤੇ ਨਗਰ ਪੰਚਾਇਤਾਂ ਇਲਾਕਾ ਨਿਵਾਸੀ ਦੀਆਂ ਸੰਗਤਾਂ ਹਾਜ਼ਰ ਸਨ।

### ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਹਜ਼ੂਰੀ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਜੀ

# ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚੇ



**ਤਰਨਤਾਰਨ, 18 ਮਾਰਚ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੇ ਹਜ਼ੂਰੀ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਜੀ ਨਗਰ ਵਾੜਾ ਸ਼ੇਰ ਸਿੰਘ ਵਿਖੇ ਕਥਾ ਤੋਂ ਉਪਰੰਤ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚਣ ਤੇ ਬਹੁਤ ਹੀ ਜੋਸ਼ੋ ਖਰੋਸ਼ ਨਾਲ ਭਰਵਾਂ ਸਵਾਗਤ ਕੀਤਾ ਗਿਆ। ਪਰਿਵਾਰ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਲੰਗਰ ਪ੍ਰਸ਼ਾਦੇ ਦੀ ਸੇਵਾ ਕੀਤੀ ਗਈ। ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਵਾਲਿਆਂ ਵੱਲੋਂ ਗਿਆਨੀ ਸੁਖਦੇਵ ਸਿੰਘ ਜੀ ਦਾ ਗ੍ਰਹਿ ਵਿਖੇ ਪਹੁੰਚਣ ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਪਰਿਵਾਰ ਵੱਲੋਂ ਗਿਆਨੀ ਸੁਖਦੇਵ ਸਿੰਘ ਜੀ ਦਾ ਬਹੁਤ ਹੀ ਖੂਬੀ ਨਾਲ ਸਨਮਾਨ ਕੀਤਾ ਗਿਆ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਨੇ ਫੋਨ ਰਾਹੀਂ ਗਿਆਨੀ ਸੁਖਦੇਵ ਸਿੰਘ ਜੀ ਨੂੰ ਫਤਿਹ ਬੁਲਾਈ ਅਤੇ ਕੁਝ ਗੁਰਮਤਿ ਦੀਆਂ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਜਿਲਾ ਤਰਨਤਾਰਨ ਦੇ ਸੀਨੀਅਰ ਮੀਤ ਪ੍ਰਧਾਨ ਜਥੇਦਾਰ ਵਜ਼ੀਰ ਸਿੰਘ ਜੀ ਵਾਂ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ , ਸ੍ਰ ਬਲਜੀਤ ਸਿੰਘ ਜੀ ਪੁਰਤਗਾਲ ਸਪੁੱਤਰ ਜਥੇਦਾਰ ਨਛੱਤਰ ਸਿੰਘ ਜੀ, ਗੁਰਸ਼ਰਨ ਸਿੰਘ ਵਾੜਾ ਸ਼ੇਰ ਸਿੰਘ, ਪਰਮਿੰਦਰ ਸਿੰਘ ਮੱਲ੍ਹੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਕੈਨੇਡਾ ਵਿਖੇ

# ਹੋਲਾ-ਮੁਹੱਲਾ ਦਾ ਸਮਾਗਮ ਸ਼ਾਨੋ ਸ਼ੌਕਤ ਨਾਲ ਹੋਏ ਸੰਪੰਨ






**ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਮ ਰੰਗਾਂ ਦੀ ਹੋਲੀ ਖੇਡਣ ਦੀ ਥਾਂ ਤੇ ਖਾਲਸਾ ਪੰਥ ਅੰਦਰ ਚੜ੍ਹਦੀ ਕਲਾ ਦਾ ਸੰਚਾਰ ਕਰਨ ਲਈ ਅਨੰਦਪੁਰ ਸਾਹਿਬ ਦੀ ਪਾਵਨ ਧਰਤੀ ਤੇ ਹੋਲਾ ਮਹੱਲਾ ਮਨਾਉਣਾ ਸ਼ੁਰੂ ਕੀਤਾ। ਇਸ ਵਿੱਚ ਦੋ ਦਲ ਬਣਾ ਕੇ ਪਾਤਸ਼ਾਹ ਜੀ ਆਪਣੇ ਸਿੱਖਾਂ ਨੂੰ ਜੰਗੀ ਪੈਂਤੜੇ ਸਿਖਾਉਂਦੇ ਅਤੇ ਦੋਹਾਂ ਦਲਾਂ ਦੇ ਸੂਰਮਿਆਂ ਨੂੰ ਮਾਣ ਸਨਮਾਨ ਦੇਂਦੇ ਸਨ । ਕਲਗੀਧਰ ਪਾਤਸ਼ਾਹ ਵੱਲੋ ਚਲਾਈ ਗਈ ਮਹਾਨ ਪ੍ਰੰਪਰਾ ਤੇ ਪਹਿਰਾ ਦੇਂਦੇ ਹਰ ਸਾਲ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਵਿਖੇ ਮੁਹੱਲਾ ਕੱਢਿਆ ਜਾਂਦਾ ਹੈ । ਗੁਰੂ ਮਹਾਰਾਜ ਦੀ ਹਜ਼ੂਰੀ ਵਿੱਚ ਪੰਜ ਸਿੰਘ ਸਾਹਿਬਾਨ ਅਤੇ ਬਾਣੇ ਵਿੱਚ ਸਜੀਆਂ ਵੱਡੀ ਗਿਣਤੀ ਵਿੱਚ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸਮਾਗਮ ਸ਼ੁਰੂ ਹੋਇਆ ਤੇ ਮੁਹੱਲਾ ਕੱਢਿਆ ਗਿਆ ।

ਮੁਹੱਲੇ ਦੀ ਅਗਵਾਈ ਪੰਜ ਸਿੰਘ ਸਾਹਿਬਾਨ ਕਰ ਰਹੇ ਸਨ ਤੇ ਉਹਨਾਂ ਮਗਰ ਘੋੜਿਆਂ ਤੇ ਸਵਾਰ ਗੁਰੂ ਕੀਆਂ ਲਾਡਲੀਆਂ ਫੌਜਾਂ ਸੋਭਾ ਪਾ ਰਹੀਆਂ ਸਨ ਤੇ ਪਿੱਛੇ ਪਿੱਛੇ ਗੁਰੂ ਕੀਆਂ ਸੰਗਤਾਂ ਵਾਹਿਗੁਰੂ ਗੁਰਮੰਤਰ ਦਾ ਜਾਪ ਕਰਦੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹੀਦੀ ਅਸਥਾਨ ਤੇ ਪੁੱਜ ਕੇ ਨਮਸ਼ਕਾਰ ਕਰਨ ਉਪਰੰਤ ਸਾਰਾ ਜਲੋ ਭਾਈ ਨਿੱਝਰ ਯਾਦਗਾਰੀ ਬਿਲਡਿੰਗ ਮੂਹਰੇ ਪੁੱਜਾ ਅਤੇ ਜਿਹੜੀ ਬਿਲਡਿੰਗ ਭਾਈ ਨਿੱਝਰ ਨੇ ਕੇਵਲ ਇੱਕ ਸਾਲ ਵਿੱਚ ਤਿਆਰ ਕਰਵਾਈ ਸੀ ਉਸ ਬਿਲਡਿੰਗ ਦਾ ਨਾਮਕਰਨ ਉਦਘਾਂਟਨ ਪੰਜ ਸਿੰਘ ਸਾਹਿਬਾਨ ਵੱਲੋਂ ਸ਼ਹੀਦ ਦੇ ਸਤਿਕਾਰਯੋਗ ਪਿਤਾ ਜੀ ਅਤੇ ਭੁਚੰਗੀਆਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਦੀ ਹਾਜ਼ਰੀ ਵਿੱਚ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਕੀਤਾ ਗਿਆ ।ਗੁਰਦੁਆਰਾ ਸਾਹਿਬ ਦੇ ਅਕਾਲ ਖ਼ਾਲਸਾ ਗਤਕਾ ਅਖਾੜਾ ਅਤੇ ਮਾਤਾ ਸਾਹਿਬ ਕੌਰ ਗਤਕਾ ਦੇ ਉਸਤਾਦ ਭਾਈ ਜਗਜੀਤ ਸਿੰਘ ਤੇ ਮਿਲਨਜੀਤ ਕੌਰ ਵੱਲੋਂ ਸਿਖਾਏ ਕਨੇਡਾ ਦੇ ਜੰਮਪਲ ਬੱਚੇ ਬੱਚੀਆਂ ਵੱਲੋਂ ਨੀਲੇ ਬਾਣੇ ਪਹਿਨਕੇ ਸ਼ਾਸਤਰਾਂ ਦੇ ਜੌਹਰ ਪ੍ਰਦਰਸ਼ਨ ਸੰਗਤਾਂ ਸਾਹਮਣੇ ਪੇਸ਼ ਕੀਤੇ ਗਏ ਅਤੇ ਵੱਖ ਵੱਖ ਉਮਰ ਵਰਗ ਦੇ ਮੁਕਾਬਲੇ ਕਰਵਾਏ ਗਏ ਤੇ ਜੇਤੂ ਬੱਚਿਆਂ ਨੂੰ ਟੀ ਸ਼ਰਟਾਂ ਇਨਾਮ ਵਜੋਂ ਦਿੱਤੀਆਂ ਗਈਆਂ । ਵੱਡੀ ਗਿਣਤੀ ਵਿੱਚ ਸ਼ਾਮਿਲ ਸੰਗਤਾਂ ਲਈ ਨਿਉਯਾਰਕ ਪੇਂਟ ਵਾਲੇ ਭਾਈ ਸਰਾਏ, ਅਨਮੋਲ ਸਵੀਟ ਦੇ ਭਾਈ ਸਹੋਤਾ ਤੇ ਭਾਈ ਟੁੱਟ ਦੇ ਪਰਿਵਾਰਾਂ ਵੱਲੋ ਆਈਆਂ ਹੋਈਆਂ ਸੰਗਤਾਂ ਵਾਸਤੇ ਖ਼ਾਸ ਪਕਵਾਨ ਤਿਆਰ ਕਰਕੇ ਸੰਗਤਾਂ ਨੂੰ ਛਕਾਏ ਗਏ ।ਸਾਰਾ ਦਿਨ ਖਾਲਸਾਈ ਜਾਹੋ-ਜਲਾਲ ਵਿੱਚ ਖ਼ਾਲਸਾਈ ਬੋਲੇ ਤੇ ਸ਼ੇਅਰੋ ਸ਼ੇਅਰੀ ਚੱਲਦੀ ਰਹੀ ਤੇ ਸੰਗਤਾਂ ਅਨੰਦ ਮਾਣਦੀਆਂ ਰਹੀਆਂ ਸਾਉਡ ਸਿਸਟਮ ਦੀ ਸੇਵਾ ਗੁਰੂ ਘਰ ਦੀ ਟਿਕਟੀਮ ਤੇ ਮੈਨੇਜਰ ਸਾਹਿਬ ਵੱਲੋ ਨਿਭਾਈ ਗਈ ਫੋਟੋਗ੍ਰਾਫੀ ਦੀ ਸੇਵਾ ਭਾਈ ਹਰਜੀਤ ਸਿੰਘ ਅਤੇ ਭਾਈ ਨਰਿੰਦਰ ਸਿੰਘ ਵੱਲੋ ਨਿਭਾਈ ਗਈ ।ਸਟੇਜ ਸੰਚਾਲਨ ਦੀ ਸੇਵਾ ਗੁਰੂ ਘਰ ਦੇ ਸੈਕਟਰੀਆਂ ਵੱਲੋਂ ਮਿਲ ਕੇ ਨਿਭਾਈ ਗਈ ਅਤੇ ਸਮੂਹ ਸੰਗਤਾਂ ਦਾ ਸਮਾਗਮਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਤੇ ਧੰਨਵਾਦ ਕੀਤਾ ਗਿਆ ।



# ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਨਾਇਆ ਜਾਵੇਗਾ ਹੋਲੇ ਮਹੱਲੇ ਦਾ ਸਮਾਗਮ 23 ਤੋਂ 26 ਮਾਰਚ ਤੱਕ



**ਚੌਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖਤ ਸੱਚਖੰਡ ਸ੍ਰੀ ਹਜੂਰ ਅਬਿਚਲਨਗਰ ਸਾਹਿਬ ਵਿਖੇ ਮਾਨਯੋਗ ਪੰਜਪਿਆਰੇ ਸਾਹਿਬਾਨ ਦੇ ਸਰਪ੍ਰਸਤੀ ਹੇਠ ਗੁਰਦੁਆਰਾ ਬੋਰਡ ਦੇ ਮਾਨਯੋਗ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ ਜੀ ਇਨਾਂ ਦੇ ਮਾਰਗਦਰਸ਼ਨ ਵਿੱਚ ਹੋਲੇ ਮਹੱਲੇ ਦੇ ਸਮੂਹ ਸਮਾਗਮਾਂ ਦੀ ਤੈਯਾਰੀਆਂ ਵੱਡੇ ਪੱਧਰ ਤੇ ਕੀਤੀ ਜਾ ਰਹੀ ਹੈ। ਹੋਲੇ ਮਹੱਲੇ ਵਾਸਤੇ ਪੁੱਜ ਰਹੀ ਸਮੂੰਹ ਸਾਧ ਸੰਗਤ ਦੇ ਲੰਗਰ-ਪਾਣੀ, ਰਿਹਾਈਸ਼, ਹਸਪਤਾਲ, ਆਵਾ-ਜਾਵੀ ਅਤੇ ਹੋਰ ਜ਼ਰੂਰੀ ਪ੍ਰਬੰਧ ਵਾਸਤੇ ਗੁਰਦੁਆਰਾ ਬੋਰਡ ਦੇ ਮੁੱਖ ਅਧਿਕਾਰੀਆਂ, ਸਟਾਫ ਆਦਿ ਦੀਆਂ ਡਿਊਟੀਆਂ ਲਵਾ ਕੇ ਪ੍ਰਬੰਧ ਕੀਤਾ ਜਾ ਰਿਹਾ ਹੈ। ਜਿਸ ਨਾਲ ਸੰਗਤਾਂ ਨੂੰ ਕੋਈ ਵੀ ਔਕੜ ਪੇਸ਼ ਨਾ ਆਵੇ ਇਸ ਲਈ ਮੁੱਖ ਪ੍ਰਸ਼ਾਸਕ ਸਾਹਿਬ ਵੱਲੋਂ ਜ਼ਰੂਰੀ ਸੂਚਨਾਵਾਂ ਦਿੱਤੀਆਂ ਗਇਆ ਹਨ। ਹੋਲੇ ਮਹੱਲੇ ਦੇ ਸਮਾਗਮ ਹੇਠ ਲਿਖੇ ਅਨੁਸਾਰ ਹੋਣਗੇ : ਮਿਤੀ 23 ਤੋਂ 26 ਮਾਰਚ ਤੱਕ ਤਖਤ ਸੱਚਖੰਡ ਸਾਹਿਬ ਵਿਖੇ ਦਿਵਾਨ ਸੱਜਣਗੇ ਇਸ ਸਮੇਂ ਪੰਥਕ ਰਾਗੀ ਜੱਥੇ, ਢਾਡੀ, ਕਵੀਸ਼ਰੀ ਜੱਥੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਮਿਤੀ 24 ਮਾਰਚ ਦੀ ਰਾਤ 9 ਤੋਂ 1 ਵਜੇ ਤੱਕ ਸਿੱਖ ਸੇਵਕ ਜੱਥਾ ਦਿੱਲੀ ਵੱਲੋਂ ਕੀਰਤਨ ਦਰਬਾਰ ਹੋਵੇਗਾ। ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਭਾਈ ਸੁਖਦੀਪ ਸਿੰਘ ਜੀ - ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ, ਭਾਈ ਅਨੰਤਵੀਰ ਸਿੰਘ ਜੀ ਅਤੇ ਭਾਈ ਵਰਜਿੰਦਰ ਸਿੰਘ ਜੀ - ਲੁਧਿਆਣਾ ਸ਼ਬਦ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ਮਿਤੀ 25 ਮਾਰਚ ਦੀ ਰਾਤ ਮੁੰਬਈ ਦੇ ਭਾਈ ਜੈਮਲ ਸਿੰਘ ਜੀ ਸਹਿਗਲ ਪਰਿਵਾਰ ਵੱਲੋਂ ਰੈਣ ਸਭਾਈ ਕੀਰਤਨ ਸਮਾਗਮ ਹੋਵੇਗਾ। ਜੋ ਰਾਤ 9 ਵਜੇ ਤੋਂ ਆਰੰਭ ਹੋਕੇ ਅੰਮ੍ਰਿਤਵੇਲੇ 2.30 ਵਜੇ ਤੱਕ ਚਲੇਗਾ ਜਿਸ ਵਿੱਚ ਰਾਗੀ ਭਾਈ ਸੁਖਦੀਪ ਸਿੰਘ ਜੀ - ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ, ਰਾਗੀ ਭਾਈ ਜਸਵਿੰਦਰ ਸਿੰਘ ਜੀ ਟੇਕਸਲਾ ਟੀ.ਵੀ. ਅਤੇ ਭਾਈ ਜਗਜੀਤ ਸਿੰਘ ਜੀ ਬਬੀਹਾ- ਦਿੱਲੀ ਇਨਾਂ ਦੇ ਸ਼ਬਦ ਕੀਰਤਨ ਹੋਣਗੇ ਮਿਤੀ 26 ਮਾਰਚ ਨੂੰ ਪਰੰਪਰਾਗਤ ਹੋਲੇ ਮਹੱਲੇ ਦਾ ਸਮਾਗਮ ਧਾਰਮਿਕ ਰਵਾਈਤਾਂ ਅਨੁਸਾਰ ਸ਼ਾਮ ਠੀਕ 4 ਵਜੇ ਤਖਤ ਸਾਹਿਬ ਵਿਖੇ ਅਰਦਾਸ ਕਰ ਮਹੱਲਾ ਮਾਨਯੋਗ ਜੱਥੇਦਾਰ ਸਾਹਿਬ ਜੀ ਦੇ ਸਰਪ੍ਰਸਤੀ ਹੇਠ ਗੁਰੂ ਸਾਹਿਬ ਜੀ ਦੇ ਨਿਸ਼ਾਨ ਸਾਹਿਬ, ਘੋੜੇ, ਕੀਰਤਨ ਜੱਥੇ, ਭਜਨ ਮੰਡਲੀ, ਗਤਕਾ ਪਾਰਟੀ ਇਨਾਂ ਸਹਿਤ ਹਜਾਰਾਂ ਦੀ ਗਿਣਤੀ ਦੇ ਸੰਗਤ ਦੇ ਨਾਲ ਪੂਰੇ ਜਾਹੋ-ਜਲਾਲ ਨਾਲ ਪਰੰਪਰਾਗਤ ਮਾਰਗਾਂ ਤੋ ਹੁੰਦੇ ਹੋਏ ਹੱਲਾਬੋਲ ਚੌਕ (ਮਹਾਵੀਰ ਚੌਕ) ਵਿਖੇ ਪੁੱਜ ਕੇ ਹੱਲਾ ਹੋਵੇਗਾ ਉਪਰੰਤ ਬਾਉਲੀ ਸਾਹਿਬ ਵਿਖੇ ਵਿਸ਼ਰਾਮ ਕਰ ਪਰੰਪਰਾਗਤ ਮਾਰਗਾਂ ਤੋਂ ਹੁੰਦੇ ਹੋਏ ਗੁਰਦੁਆਰਾ ਨਗੀਨਾਘਾਟ ਸਾਹਿਬ ਪੁੱਜ ਉਥੋਂ ਦੇਰ ਰਾਤ ਚਲ ਕਰ ਤਖਤ ਸਾਹਿਬ ਵਿਖੇ ਪੁੱਜ ਕੇ ਮਹੱਲੇ ਦੀ ਸਮਾਪਤੀ ਹੋਵੇਗੀ। ਸੰਗਤਾਂ ਨੂੰ ਬੇਨਤੀ ਹੈ ਕਿ. ਇਨਾਂ ਸਾਰੀਆਂ ਸਮਾਗਮਾਂ ਵਿੱਚ ਹਾਜ਼ਰੀਆਂ ਲਵਾ ਕੇ ਗੁਰੂ ਸਾਹਿਬ ਜੀ ਦੇ ਆਸ਼ੀਸ਼ਾਂ ਦੇ ਪਾਤਰ ਬਣੋ ਜੀ

# ਟਰਾਂਜੈਂਡਰਾਂ ਨੂੰ ਸੁਪਰੀਮ ਕੋਰਟ ਵੱਲੋਂ ਮਿਲੇ ਹੱਕਾਂ ਨੂੰ ਉਜਾਗਰ ਕਰਨ ਲਈ ਕੈਪਟਨ ਗੁਰਦੀਪ ਸਿੰਘ ਸੋਸਾਇਟੀ ਅਤੇ ਵਿੱਦਿਆ ਦੇਵੀ ਚੈਰੀਟੇਬਲ ਟਰੱਸਟ ਵੱਲੋਂ ਕਰਾਇਆ ਗਿਆ ਸੈਮੀਨਾਰ





**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੈਪਟਨ ਗੁਰਦੀਪ ਸਿੰਘ ਸੋਸਾਇਟੀ ਅਤੇ ਵਿੱਦਿਆ ਦੇਵੀ ਚੈਰੀਟੇਬਲ ਟਰੱਸਟ ਵੱਲੋਂ ਸਾਂਝੇ ਤੌਰ ਤੇ ਟਰਾਂਜੈਂਡਰਾਂ ਨੂੰ ਸਮਾਜ ਵਿਚ ਆਮ ਲੋਕਾਂ ਵਾਂਗ ਮਾਨ ਸਨਮਾਨ ਦਿਵਾਉਣ ਅਤੇ ਉਨ੍ਹਾਂ ਨੂੰ ਸੁਪਰੀਮ ਕੋਰਟ ਵੱਲੋਂ ਮਿਲੇ ਹੱਕਾਂ ਨੂੰ ਲੋਕਾਂ ਵਿੱਚ ਉਜਾਗਰ ਕਰਨ ਸਬੰਧੀ ਇੱਕ ਸੈਮੀਨਾਰ ਅੱਜ ਅੰਮ੍ਰਿਤਸਰ ਵਿਖੇ ਬੱਚਤ ਭਵਨ ਵਿੱਚ ਰੁਪਿੰਦਰ ਕੌਰ ਸੰਧੂ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤਾ ਗਿਆ੍ਰ ਜਿਸ ਦੇ ਮੁੱਖ ਮਹਿਮਾਨ ਤੇ ਵਿੱਦਿਆ ਦੇਵੀ ਚੈਰੀਟੇਬਲ ਟਰੱਸਟ ਦੇ ਚੇਅਰਪਰਸਨ ਸ਼੍ਰੀ ਰਿਸ਼ੀਪਾਲ ਡਡਵਾਲ ਨੇ ਕੇਂਦਰ ਸਰਕਾਰ ਵੱਲੋਂ ਟਰਾਂਜੈਂਡਰਾਂ ਦੇ ਹੱਕ 'ਚ ਕੀਤੇ ਗਏ ਫੈਲਿਆਂ ਤੋਂ ਜਾਣੂ ਕਰਾਇਆ। ਉਨ੍ਹਾਂ ਕਿਹਾ ਕਿ ਟਰਾਂਜੈਂਡਰ ਵੀ ਸਾਡੇ ਵਾਂਗ ਰੱਬ ਵੱਲੋਂ ਬਣਾਈਆਂ ਗਈਆਂ ਆਕ੍ਰਿਤੀਆਂ ਹਨ। ਇਨਾਂ ਨਾਲ ਕਿਸੇ ਤਰਾਂ ਦਾ ਵੀ ਵਿਤਕਰਾ ਨਹੀਂ ਕੀਤਾ ਜਾਣਾ ਚਾਹੀਦਾ। ਅਜੈਬੀਰ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਟਰਾਂਜੈਂਡਰ ਵੀ ਸਾਡੇ ਸਮਾਜ ਦਾ ਅਭਿੰਨ ਅੰਗ ਹਨ, ਉਹ ਸਭ ਵੀ ਸਮਾਜ ਵਿਚ ਬਰਾਬਰਤਾ ਦੇ ਹੱਕਦਾਰ ਹਨ। ਇਸ ਮੌਕੇ ਸੈਮੀਨਾਰ 'ਚ ਉਚੇਚੇ ਤੌਰ ਤੇ ਵੱਖ ਵੱਖ ਸੂਬਿਆਂ ਤੋਂ ਆਈਆਂ ਟਰਾਂਜੈਂਡਰਾਂ ਰੂਬੀਨਾ, ਵਿਦਿਆ ਰਾਜਪੂਤ, ਸਾਬਰੀ ਯਾਦਵ, ਪੋਪੀ ਦੇਵਨਾਥ ਨੇ ਟਰਾਂਜਰ ਨੂੰ ਦਰਪੇਸ਼ ਸਮੱਸਿਆਵਾਂ, ਬਚਪਨ ਵਿੱਚ ਆਈਆਂ ਹੋਈਆਂ ਪਰਿਵਾਰਿਕ ਅਤੇ ਸਮਾਜਿਕ ਮੁਸ਼ਕਲਾਂ ਬਾਰੇ ਭਾਵੁਕਤਾ ਨਾਲ ਰੋਸ਼ਨੀ ਪਾਈ। ਉਨ੍ਹਾਂ ਨੇ ਪੜ੍ਹ ਲਿਖ ਕੇ ਕੀਤੀਆਂ ਆਪਣੀਆਂ ਪ੍ਰਾਪਤੀਆਂ ਤੇ ਵੱਖ ਵੱਖ ਖੇਤਰਾਂ ਵਿੱਚ ਪਾਏ ਹੋਏ ਆਪਣੇ ਯੋਗਦਾਨ ਅਤੇ ਵਿਸਥਾਰ ਸਾਹਿਤ ਚਾਨਣਾ ਪਾਇਆ੍ਰ ਇਸ ਮੌਕੇ ਤੇ ਬੋਲਦਿਆਂ ਸਰਦਾਰ ਗੁਰਪ੍ਰਤਾਪ ਸਿੰਘ ਜੀ ਟਿੱਕਾ ਨੇ ਸਮਾਜ ਦੇ ਅਣ ਛੋਹ ਵਿਸ਼ੇ 'ਤੇ ਸੈਮੀਨਾਰ ਕਰਵਾ ਕੇ ਸਮਾਜ ਨੂੰ ਉਨ੍ਹਾਂ ਦੀ ਭੂਮਿਕਾ ਅਤੇ ਚੁਣੌਤੀਆਂ ਬਾਰੇ ਜਾਗਰੂਕ ਕਰਨ ਲਈ ਸੈਮੀਨਾਰ ਦੇ ਮੁੱਖ ਪ੍ਰਬੰਧਕ ਰੁਪਿੰਦਰ ਕੌਰ ਸੰਧੂ ਦੀ ਸ਼ਲਾਘਾ ਕੀਤੀ। ਭਾਜਪਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਇਹੋ ਜਿਹੇ ਸੈਮੀਨਾਰ ਹੋਣੇ ਬਹੁਤ ਹੀ ਜ਼ਰੂਰੀ ਹਨ ਅਤੇ ਇਹੋ ਜਿਹੇ ਸੈਮੀਨਾਰਾਂ ਨਾਲ ਹੀ ਟਰਾਂਜੈਂਟਰਾਂ ਅਤੇ ਆਮ ਲੋਕਾਂ ਵਿੱਚ ਨੇੜਤਾ ਵਧੇਗੀ ਅਤੇ ਸਮਾਜ ਵਿੱਚ ਉਨ੍ਹਾਂ ਨੂੰ ਬਰਾਬਰ ਦਾ ਹੱਕ ਮਿਲੇਗਾ੍ਰ ਇਸ ਮੌਕੇ ਤੇ ਉਚੇਚੇ ਤੌਰ ਤੇ ਸਰਦਾਰ ਅਜੈਬੀਰ ਪਾਲ ਸਿੰਘ ਰੰਧਾਵਾ, ਪ੍ਰਿੰਸੀਪਲ ਜਸਵਿੰਦਰ ਸਿੰਘ ਢਿੱਲੋਂ, ਡਾਇਰੈਕਟਰ ਗੀਨਾ ਜੇਤਲੀ ਜੀ, ਸਾਬਕਾ ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਦੀਪਕ ਬੱਬਰ, ਸਾਬਕਾ ਲੇਬਰ ਕਮਿਸ਼ਨ ਦਰਸ਼ਨ ਸਿੰਘ ਜੀ, ਸਾਬਕਾ ਤਹਿਸੀਲਦਾਰ ਸਲਵਾਨ ਜੀ, ਸੁਖਦੇਵ ਸਿੰਘ ਜੀ, ਸ. ਸੁਰਜੀਤ ਸਿੰਘ, ਅਨਿਲ ਕੁਮਾਰ ਜੀ, ਸਾਬਕਾ ਫਲੈਗ ਅਫ਼ਸਰ ਅਮਰਜੀਤ ਸਿੰਘ, ਨਿਰਮਲ ਸਿੰਘ ਬੇਦੀ, ਸੁਖਦੇਵ ਸਿੰਘ ਜੀ, ਅਖਲੇਸ਼ ਕੁਮਾਰ ਜੀ, ਪਲਵਿੰਦਰ ਸਿੰਘ ਸੰਧੂ, ਸਿਮਰਜੀਤ ਸਿੰਘ, ਅਮਿਦ ਮਹਿਤਾ ਜੀ, ਦਿਲਬਾਗ ਸਿੰਘ ਜੀ ਸਮੇਤ ਸੈਂਕੜੇ ਸੂਝਵਾਨ ਲੋਕਾਂ ਨੇ ਵੀ ਆਪਣੇ ਵਿਚਾਰ ਰੱਖੇ।

### ਪਰਲ ਪੀੜਤਾਂ ਦਾ 6 ਅਪ੍ਰੈਲ ਨੂੰ ਗਿੱਲ ਰੋਡ ਲੁਧਿਆਣਾ 'ਚ

# ਵੱਡਾ ਇਕੱਠ ਕੀਤਾ ਜਾਵੇਗਾ : ਰਜਵੰਤ ਬਾਲਾ



## ਤਿਆਰੀਆਂ ਸਬੰਧੀ ਕੀਤੀ ਗਈ ਅੰਮ੍ਰਿਤਸਰ ਕੰਪਨੀ ਬਾਗ ਵਿੱਚ ਮੀਟਿੰਗ

**ਚੌਕ ਮਹਿਤਾ, 18 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਰਲ ਕੰਪਨੀ ਦੀ ਲੁੱਟ ਦਾ ਸ਼ਿਕਾਰ ਹੋਏ ਲੋਕਾਂ ਵੱਲੋਂ ਬਣਾਈ ਗਈ ਜਥੇਬੰਦੀ ਇਨਸਾਫ਼ ਦੀ ਆਵਾਜ਼ ਦੇ ਕੌਮੀ ਪ੍ਰਧਾਨ ਜਥੇ.ਮਹਿੰਦਰ ਪਾਲ ਸਿੰਘ ਦਾਨਗੜ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਪਰਲ ਪੀੜਤ 6 ਅਪ੍ਰੈਲ ਦਿਨ ਸ਼ਨੀਵਾਰ ਨੂੰ ਦਾਣਾ ਮੰਡੀ, ਗਿੱਲ ਰੋਡ, ਲੁਧਿਆਣਾ ਵਿਖੇ ਇੱਕ ਵੱਡਾ ਇਕੱਠ ਕੀਤਾ ਜਾ ਰਿਹਾ ਹੈ, ਜਿੱਥੇ ਕਈ ਅਹਿਮ ਐਲਾਨ ਕੀਤੇ ਜਾਣਗੇ, ਇਸ ਦੀਆਂ ਤਿਆਰੀਆਂ ਸਬੰਧੀ ਅੰਮ੍ਰਿਤਸਰ ਕੰਪਨੀ ਬਾਗ ਵਿੱਚ ਕੀਤੀ ਗਈ ਮੀਟਿੰਗ ਸਮੇਂ ਜਥੇਬੰਦੀ ਵੱਲੋਂ ਮਾਝਾ ਜੋਨ ਦੇ ਪ੍ਰਧਾਨ ਰਜਵੰਤ ਬਾਲਾ ਨੇ ਬੋਲਦਿਆਂ ਦੱਸਿਆ ਕਿ ਪੰਜਾਬ ਦੇ 25 ਲੱਖ ਤੋਂ ਵੱਧ ਅਤੇ ਭਾਰਤ ਦੇ 5 ਕਰੋੜ 85 ਲੱਖ ਲੋਕਾਂ ਦੀ ਖੂਨ ਪਸੀਨੇ ਦੀ ਕਮਾਈ ਦੇ ਪੈਸੇ ਪਰਲ ਕੰਪਨੀ ਵਿੱਚ ਡੁੱਬੇ ਹਨ, ਕੰਪਨੀ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਪਿਛਲੇ 9 ਸਾਲਾਂ ਤੋਂ ਸੰਘਰਸ਼ ਕਰ ਰਹੀ ਹੈ। ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਅੱਜ ਤੱਕ ਕਿਸੇ ਵੀ ਸਰਕਾਰ ਨੇ ਪਰਲ ਪੀੜਤਾਂ ਦੀ ਬਾਂਹ ਨਹੀਂ ਫੜੀ, ਉਲਟਾ ਇਨਸਾਫ਼ ਮੰਗਣ ਵਾਲੇ ਲੋਕਾਂ ਉਪਰ ਕਈ ਨਜਾਇਜ ਪਰਚੇ ਦਰਜ ਕੀਤੇ ਗਏ। ਅਨੇਕਾਂ ਵਾਰ ਧਰਨੇ, ਮੁਜ਼ਾਹਰੇ, ਰੋਡ ਜਾਮ, ਭੁੱਖ ਹੜਤਾਲਾਂ, ਪਾਰਲੀਮੈਂਟ ਦਾ ਘਿਰਾਓ ਕਰਨ, ਮੰਗ ਪੱਤਰ ਦੇਣ ਦੇ ਬਾਵਜੂਦ ਵੀ ਲੋਕਾਂ ਨੂੰ ਇਨਸਾਫ਼ ਨਹੀਂ ਮਿਲਿਆ। ਕੈਪਟਨ ਦਰਸ਼ਨ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਹੁਣ ਸੁੱਤੀਆਂ ਸਰਕਾਰਾਂ ਨੂੰ ਜਗਾਉਣ ਲਈ ਜੋਰਦਾਰ ਸੰਘਰਸ਼ ਅਰੰਭਿਆ ਜਾਵੇਗਾ। ਉਨ੍ਹਾਂ ਪੰਜਾਬ ਦੇ ਸਾਰੇ ਪਰਲ ਪੀੜਤ ਸਾਥੀਆਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਤੇ ਮੱਖਣ ਭੈਣੀ ਵਾਲਾ, ਮਨਦੀਪ ਕੌਰ, ਮਨਜੀਤ ਕੌਰ ਝੰਜੋਟੀ, ਡਾ.ਜਸਵਿੰਦਰ ਸਿੰਘ ਬੋਪਾਰਾਏ, ਬਲਦੇਵ ਸਿੰਘ ਕੰਬੋ, ਸ਼ਿਵ ਕੁਮਾਰ, ਬਲਕਾਰ ਸਿੰਘ, ਨਿਰਮਲ ਸਿੰਘ, ਗੁਰਦੀਪ ਸਿੰਘ, ਨੀਲਮ, ਸੰਦੀਪ ਕੌਰ, ਸੰਤੋਸ਼ ਕੁਮਾਰੀ, ਜਸਪਾਲ ਸਿੰਘ, ਦਲੀਪ ਸਿੰਘ, ਹਰਦੀਪ ਸਿੰਘ, ਮੱਖਣ ਸਿੰਘ, ਸੁਖਵਿੰਦਰ ਪਾਲ, ਬਿਸ਼ਨ ਕੁਮਾਰ, ਕਸ਼ਮੀਰ ਸਿੰਘ ਕੋਹਾਲੀ, ਲਾਲ ਸਿੰਘ ਆਦਿ ਹਾਜ਼ਰ ਸਨ।

### ਖਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਹੋਲਾ ਮਹੱਲਾ

# ਧਾਰਮਿਕ ਪ੍ਰੰਪਰਾਵਾਂ ਅਨੁਸਾਰ ਹੀ ਮਨਾਇਆ ਜਾਵੇ- ਐਡਵੋਕੇਟ ਧਾਮੀ



ਨਵੀਂ ਦਿੱਲੀ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 'ਚ ਖ਼ਾਲਸਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਨੂੰ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਮਨਾਉਣ ਦੀ ਅਪੀਲ ਕਰਦਿਆਂ ਇਸ ਮੌਕੇ ਕਿਸੇ ਵੀ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ ਲਈ ਕਿਹਾ ਗਿਆ। ਇਸ ਦੇ ਨਾਲ ਹੀ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ੇਸ਼ ਦਫ਼ਤਰ ਖੋਲ੍ਹਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ।

ਅੱਜ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਵੱਲ੍ਹਾ ਵਿਖੇ ਹੋਈ ਇਕੱਤਰਤਾ ਮਗਰੋਂ ਗੱਲ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਹੋਲਾ ਮਹੱਲਾ ਮਨਾਉਣ ਦੀ ਪ੍ਰੰਪਰਾ ਆਰੰਭ ਕੀਤੀ ਸੀ। ਉਨ੍ਹਾਂ ਕਿਹਾ ਕਿ ਹਰ ਸਾਲ ਹੋਲੇ ਮਹੱਲੇ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਉਂਦੀਆਂ ਹਨ। ਪਿਛਲੇ ਕੁਝ ਸਮੇਂ ਤੋਂ ਕੁਝ ਸ਼ਰਾਰਤੀ ਲੋਕ ਗੁਰੂ ਘਰ ਦੀ ਮਰਯਾਦਾ ਉਲਟ ਹੁਲੜਬਾਜ਼ੀ ਕਰਕੇ ਸੰਗਤਾਂ ਲਈ ਪ੍ਰੇਸ਼ਾਨੀ ਪੈਦਾ ਕਰਦੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਹੋਲਾ ਮਹੱਲਾ ਖਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਹੈ, ਜਿਸ ਨੂੰ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਹੀ ਮਨਾਉਣਾ ਚਾਹੀਦਾ ਹੈ। ਉਨ੍ਹਾਂ ਨੌਜੁਆਨੀ ਨੂੰ ਅਪੀਲ ਕੀਤੀ ਕਿ ਉਹ ਗੁਰੂ ਘਰ ਜਾਣ ਸਮੇਂ ਮਰਯਾਦਾ ਦਾ ਖਿਆਲ ਰੱਖਣ ਅਤੇ ਕਿਸੇ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਤੰਬਰ ਮਹੀਨੇ ਗੋਇੰਦਵਾਲ ਸਾਹਿਬ ਵਿਖੇ ਮਨਾਈ ਜਾ ਰਹੀ ਹੈ। ਇਸ ਸਬੰਧੀ ਸਬ-ਕਮੇਟੀ ਬਣਾਈ ਗਈ ਸੀ, ਜਿਸ ਦੀ ਰਿਪੋਰਟ ਅਨੁਸਾਰ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ ਜਿਥੇ ਗੁਰਦੁਆਰਾ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਦਾ ਦਫ਼ਤਰ ਖੋਲ੍ਹਿਆ ਜਾਵੇਗਾ, ਉਥੇ ਹੀ ਖਾਲਸਾ ਸਾਜਣਾ ਦਿਵਸ ਵਿਸਾਖੀ ਮੌਕੇ 14 ਅਪ੍ਰੈਲ ਨੂੰ ਸ਼ਤਾਬਦੀ ਨੂੰ ਸਮਰਪਤ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ ਪਟਿਆਲਾ ਵਿਖੇ ਜੁਡੀਸ਼ੀਅਲ ਅਕੈਡਮੀ ਸ਼ੁਰੂ ਕਰਨ ਲਈ ਕਲਾਸ ਰੂਮ ਅਤੇ ਲੜਕੀਆਂ ਵਾਸਤੇ ਹੋਸਟਲ ਤਿਆਰ ਕਰਨ ਦੇ ਕਾਰਜਾਂ ਨੂੰ ਪ੍ਰਵਾਨਗੀ ਵੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਧਰਮ ਪ੍ਰਚਾਰ ਕਮੇਟੀ ਨਾਲ ਸਬੰਧਤ ਹੋਰ ਵੱਖ-ਵੱਖ ਕਾਰਜਾਂ ਨੂੰ ਵੀ ਪ੍ਰਵਾਨਗੀਆਂ ਦਿੱਤੀਆਂ ਗਈਆਂ।

ਇਕੱਤਰਤਾ 'ਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ.ਸੁਖਵਰਸ਼ ਸਿੰਘ ਪੰਨੂ, ਸ.ਰਾਮਪਾਲ ਸਿੰਘ ਬਹਿਣੀਵਾਲ, ਸ. ਅਵਤਾਰ ਸਿੰਘ ਵਣਵਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸ. ਅਮਰਜੀਤ ਸਿੰਘ ਬੰਡਾਲਾ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਦੇ ਡੀਨ ਸ. ਏ.ਪੀ. ਸਿੰਘ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਇੰਚਾਰਜ ਸ. ਕਰਤਾਰ ਸਿੰਘ, ਸ. ਬਲਦੇਵ ਸਿੰਘ ਆਦਿ ਮੌਜੂਦ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੰਡੀਅਨ ਹਾਈਪਰਟੈਂਸ਼ਨ ਕੰਟਰੋਲ ਇਨੀਸ਼ੀਏਟ ਪ੍ਰੋਗਰਾਮ ਤਹਿਤ ਗੈਰ ਸੰਚਾਰੀ ਬੀਮਾਰੀਆਂ (ਐਨ.ਸੀ.ਡੀ.) ਸੰਬਧੀ ਜਿਲ੍ਹਾ ਪੱਧਰੀ ਟ੍ਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ




**ਚੌਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਵਲੋਂ ਗੈਰ ਸੰਚਾਰੀ ਬੀਮਾਰੀਆਂ ਜਿਵੇਂ ਕਿ ਕੈਂਸਰ, ਸ਼ੁਗਰ, ਅਤੇ ਹਾਇਪਰਟੈਂਸ਼ਨ ਅਦੀ ਦੇ ਸਬੰਧ ਵਿੱਚ ਜਿਲ੍ਹਾ ਪਧਰੀ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੋਕੇ ਤੇ ਸਿਵਲ ਸਰਜਨ ਡਾ ਵਿਜੇ ਕੁਮਾਰ ਨੇ ਦਸਿਆ ਕਿ ਸਾਨੂੰ ਹਾਈ ਬਲੱਡ-ਪ੍ਰੈਸ਼ਰ ਹੋਣ ਦੀ ਸੂਰਤ ਵਿੱਚ ਆਪਣੇ ਸਰੀਰ ਦੇ ਭਾਰ ਨੂੰ ਸਹੀ ਰੱਖਣਾ ਚਾਹਿਦਾ ਹੈ, ਰੌਜਾਨਾ ਕਸਰਤ ਕਰਨੀ ਚਾਹਿਦੀ ਹੈ, ਘੱਟ ਨਮਕ ਅਤੇ ਘੱਟ ਫੈਟ ਵਾਲਾ ਪੋਸ਼ਿਟਕ ਭੋਜਨ ਖਾਣਾ ਚਾਹਿਦਾ ਹੈ,ਸ਼ਰਾਬ ਅਤੇ ਤੰਬਾਕੂ ਦਾ ਸੇਵਨ ਨਹੀ ਕਰਨਾ ਚਾਹਿਦਾ ਅਤੇ ਸਮੇ ਸਮੇ ਤੇ ਅਪਣਾ ਬਲੱਡ-ਪ੍ਰੈਸ਼ਰ ਚੈਕ ਕਰਵਾਉਦੇ ਰਹਿਣਾ ਚਾਹਿਦਾ ਹੈ ।ਵੱਧਦਾ ਬੱਲਡ ਪ੍ਰੈਸ਼ਰ ਵਿੱਕ ਬਹੁਤ ਹੀ ਖੱਤਰਨਾਕ ਬੀਮਾਰੀ ਹੈ ।ਜੇਕਰ ਇਸ ਦਾ ਸਹੀ ਸਮੇ ਤੇ ਇਲਾਜ ਨਾ ਕਰਵਾਇਆ ਜਾਵੇ ਤਾਂ ਇਹ ਮਰੀਜ ਨੂੰ ਮੋਤ ਦੇ ਮੂੰਹ ਵਿੱਚ ਧਕੇਲ ਸਕਦਾ ਹੈ ।ਕੈਸਰ ਤੋ ਬਚਣ ਲਈ ਇਸਦੇ ਲੱਛਣਾਂ, ਕਾਰਣ ਬਾਰੇ ਅਤੇ ਬਚਾਅ ਬਾਰੇ ਮੁੱਢਲੀ ਜਾਣਕਾਰੀ ਹੋਣੀ ਬਹੁਤ ਹੀ ਜਰੂਰੀ ਹੈ, ਕਿਉਕਿ ਕੈਂਸਰ ਦਾ ਜੇਕਰ ਸਮੇਂ ਤੇ ਪਤਾ ਲੱਗ ਜਾਵੇ ਤਾਂ ਇਸਦਾ ਇਲਾਜ ਆਸਾਨ ਹੋ ਸਕਦਾ ਹੈ। ਰੋਜਾਨਾ ਜੀਵਨ ਸ਼ੈਲੀ ਵਿਚ ਬਦਲਾਅ ਲਿਆ ਕੇ ਅਸੀ ਗੈਰ ਸੰਚਾਰਨ ਰੋਗਾਂ ਤੋ ਬੱਚ ਸਕਦੇ ਹਾਂ ।ਇਸ ਅਵਸਰ ਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਨੇ ਕਿਹਾ ਕਿ ਗੈਰ ਸੰਚਾਰੀ ਬਿਮਾਰੀਆਂ ਦਾ ਮੁੱਖ ਕਾਰਨ ਗਲਤ ਲ਼ਿਡਿਏ ਸਟੇਲਏ ਹੈ ।ਜੇਕਰ ਅਸੀ ਆਪਣੀਆਂ ਖਾਣ-ਪੀਣ ਤੇ ਰਹਿਣ ਸਹਿਣ ਦੀਆ ਆਦਤਾ ਤੇ ਕੰਟਰੋਲ ਨਹੀ ਕਰਦੇ ਤਾਂ ਕਿਸੇ ਵੀ ਵਰਗ ਦਾ ਇਨਸਾਨ ਇਹਨਾਂ ਬਿਮਾਰੀਆਂ ਦਾ ਸ਼ਿਕਾਰ ਹੋ ਸਕਦਾ ਹੈ ।ਇਸ ਤੋ ਇਲਾਵਾ ਸ਼ਰੀਰਕ ਮਿਹਨਤ ਘੱਟ ਕਰਨ ਦੇ ਬਦਲੇ ਜਿਆਦਾ ਖੁਰਾਕ ਲੈਣੀ ਆਦੀ ਨਾਲ ਅਸੀ ਵਧਦੇ ਬਲੱਡ ਪ੍ਰੈਸਰ ਦਾ ਸ਼ਿਕਾਰ ਹੋ ਸਕਦੇ ਹਾਂ ।ਨਸ਼ਿਆਂ ਦੀ ਆਦਤ ਜਿਵੇ ਕਿ ਤੰਬਾਕੂ, ਬੀੜੀ, ਜਰਦਾ, ਸਿਗਰੇਟ, ਸ਼ਰਾਬ ਆਦਿ ਦਾ ਸੇਵਨ ਕਰਨ ਵਾਲਿਆ ਨੂੰ ਕੈਸਰ ਹੋਣ ਦਾ ਖਤਰਾ ਹਮੇਸ਼ਾ ਹੀ ਬਣਿਆ ਰਹਿੰਦਾ ਹੈ ।ਛਾਤੀ ਵਿਚ ਗਿਲਟੀ ਜੋ ਕਿ ਲਗਾਤਾਰ ਦਰਦ ਕਰਦੀ ਹੈ, ਨਾਲ ਵੀ ਕੈਸਰ ਹੋ ਸਕਦਾ ਹੈ ।ਇਸ ਮੋਕੇ ਤੇ ਐਸ.ਟੀ.ਐਸ. ਗੁਲਸ਼ਨ ਕੁਮਾਰ ਵਲੋਂ ਇੰਡੀਅਨ ਹਾਈਪਰਟੇਂਸ਼ਨ ਕੰਟਰੋਲ ਇਨੀਸ਼ੀਏਟ ਪ੍ਰੋਗਰਾਮ ਤਹਿਤ ਬੜੇ ਵਿਸ਼ਥਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ, ਸਮੂਹ ਸੀ.ਐਚ.ਓ. ਅਤੇ ਸਟਾਫ ਹਾਜਰ ਸਨ। ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਵਲੋਂ ਗੈਰ ਸੰਚਾਰੀ ਬੀਮਾਰੀਆਂ ਜਿਵੇਂ ਕਿ ਕੈਂਸਰ, ਸ਼ੁਗਰ, ਅਤੇ ਹਾਇਪਰਟੈਂਸ਼ਨ ਅਦੀ ਦੇ ਸਬੰਧ ਵਿੱਚ ਜਿਲ੍ਹਾ ਪਧਰੀ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੋਕੇ ਤੇ ਸਿਵਲ ਸਰਜਨ ਡਾ ਵਿਜੇ ਕੁਮਾਰ ਨੇ ਦਸਿਆ ਕਿ ਸਾਨੂੰ ਹਾਈ ਬਲੱਡ-ਪ੍ਰੈਸ਼ਰ ਹੋਣ ਦੀ ਸੂਰਤ ਵਿੱਚ ਆਪਣੇ ਸਰੀਰ ਦੇ ਭਾਰ ਨੂੰ ਸਹੀ ਰੱਖਣਾ ਚਾਹਿਦਾ ਹੈ, ਰੌਜਾਨਾ ਕਸਰਤ ਕਰਨੀ ਚਾਹਿਦੀ ਹੈ, ਘੱਟ ਨਮਕ ਅਤੇ ਘੱਟ ਫੈਟ ਵਾਲਾ ਪੋਸ਼ਿਟਕ ਭੋਜਨ ਖਾਣਾ ਚਾਹਿਦਾ ਹੈ,ਸ਼ਰਾਬ ਅਤੇ ਤੰਬਾਕੂ ਦਾ ਸੇਵਨ ਨਹੀ ਕਰਨਾ ਚਾਹਿਦਾ ਅਤੇ ਸਮੇ ਸਮੇ ਤੇ ਅਪਣਾ ਬਲੱਡ-ਪ੍ਰੈਸ਼ਰ ਚੈਕ ਕਰਵਾਉਦੇ ਰਹਿਣਾ ਚਾਹਿਦਾ ਹੈ ।ਵੱਧਦਾ ਬੱਲਡ ਪ੍ਰੈਸ਼ਰ ਵਿੱਕ ਬਹੁਤ ਹੀ ਖੱਤਰਨਾਕ ਬੀਮਾਰੀ ਹੈ ।ਜੇਕਰ ਇਸ ਦਾ ਸਹੀ ਸਮੇ ਤੇ ਇਲਾਜ ਨਾ ਕਰਵਾਇਆ ਜਾਵੇ ਤਾਂ ਇਹ ਮਰੀਜ ਨੂੰ ਮੋਤ ਦੇ ਮੂੰਹ ਵਿੱਚ ਧਕੇਲ ਸਕਦਾ ਹੈ ।ਕੈਸਰ ਤੋ ਬਚਣ ਲਈ ਇਸਦੇ ਲੱਛਣਾਂ, ਕਾਰਣ ਬਾਰੇ ਅਤੇ ਬਚਾਅ ਬਾਰੇ ਮੁੱਢਲੀ ਜਾਣਕਾਰੀ ਹੋਣੀ ਬਹੁਤ ਹੀ ਜਰੂਰੀ ਹੈ, ਕਿਉਕਿ ਕੈਂਸਰ ਦਾ ਜੇਕਰ ਸਮੇਂ ਤੇ ਪਤਾ ਲੱਗ ਜਾਵੇ ਤਾਂ ਇਸਦਾ ਇਲਾਜ ਆਸਾਨ ਹੋ ਸਕਦਾ ਹੈ। ਰੋਜਾਨਾ ਜੀਵਨ ਸ਼ੈਲੀ ਵਿਚ ਬਦਲਾਅ ਲਿਆ ਕੇ ਅਸੀ ਗੈਰ ਸੰਚਾਰਨ ਰੋਗਾਂ ਤੋ ਬੱਚ ਸਕਦੇ ਹਾਂ ।ਇਸ ਅਵਸਰ ਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਨੇ ਕਿਹਾ ਕਿ ਗੈਰ ਸੰਚਾਰੀ ਬਿਮਾਰੀਆਂ ਦਾ ਮੁੱਖ ਕਾਰਨ ਗਲਤ ਲ਼ਿਡਿਏ ਸਟੇਲਏ ਹੈ ।ਜੇਕਰ ਅਸੀ ਆਪਣੀਆਂ ਖਾਣ-ਪੀਣ ਤੇ ਰਹਿਣ ਸਹਿਣ ਦੀਆ ਆਦਤਾ ਤੇ ਕੰਟਰੋਲ ਨਹੀ ਕਰਦੇ ਤਾਂ ਕਿਸੇ ਵੀ ਵਰਗ ਦਾ ਇਨਸਾਨ ਇਹਨਾਂ ਬਿਮਾਰੀਆਂ ਦਾ ਸ਼ਿਕਾਰ ਹੋ ਸਕਦਾ ਹੈ ।ਇਸ ਤੋ ਇਲਾਵਾ ਸ਼ਰੀਰਕ ਮਿਹਨਤ ਘੱਟ ਕਰਨ ਦੇ ਬਦਲੇ ਜਿਆਦਾ ਖੁਰਾਕ ਲੈਣੀ ਆਦੀ ਨਾਲ ਅਸੀ ਵਧਦੇ ਬਲੱਡ ਪ੍ਰੈਸਰ ਦਾ ਸ਼ਿਕਾਰ ਹੋ ਸਕਦੇ ਹਾਂ ।ਨਸ਼ਿਆਂ ਦੀ ਆਦਤ ਜਿਵੇ ਕਿ ਤੰਬਾਕੂ, ਬੀੜੀ, ਜਰਦਾ, ਸਿਗਰੇਟ, ਸ਼ਰਾਬ ਆਦਿ ਦਾ ਸੇਵਨ ਕਰਨ ਵਾਲਿਆ ਨੂੰ ਕੈਸਰ ਹੋਣ ਦਾ ਖਤਰਾ ਹਮੇਸ਼ਾ ਹੀ ਬਣਿਆ ਰਹਿੰਦਾ ਹੈ ।ਛਾਤੀ ਵਿਚ ਗਿਲਟੀ ਜੋ ਕਿ ਲਗਾਤਾਰ ਦਰਦ ਕਰਦੀ ਹੈ, ਨਾਲ ਵੀ ਕੈਸਰ ਹੋ ਸਕਦਾ ਹੈ ।ਇਸ ਮੋਕੇ ਤੇ ਐਸ.ਟੀ.ਐਸ. ਗੁਲਸ਼ਨ ਕੁਮਾਰ ਵਲੋਂ ਇੰਡੀਅਨ ਹਾਈਪਰਟੇਂਸ਼ਨ ਕੰਟਰੋਲ ਇਨੀਸ਼ੀਏਟ ਪ੍ਰੋਗਰਾਮ ਤਹਿਤ ਬੜੇ ਵਿਸ਼ਥਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ, ਸਮੂਹ ਸੀ.ਐਚ.ਓ. ਅਤੇ ਸਟਾਫ ਹਾਜਰ ਸਨ।

## ਲੁਧਿਆਣਾ 'ਚ ਵੱਡਾ ਟਰੇਨ ਹਾਦਸਾ, ਰੇਲਵੇ ਟਰੈਕ ਕ੍ਰਾਸ ਕਰਦਿਆਂ ਟਰੇਨ ਹੇਠਾਂ ਆਏ ਸਕੂਲੀ ਬੱਚੇ, ਇਕ ਦੀ ਦਰਦਨਾਕ ਮੌਤ

**ਲੁਧਿਆਣਾ , 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਲੁਧਿਆਣਾ ਕੇ ਸਲੇਮ ਟਾਬਰੀ ਵਿਚ ਰੇਲ ਹਾਦਸਾ ਵਾਪਰ ਗਿਆ। ਇਥੇ ਸਕੂਲੀ ਬੱਚੇ ਰੇਲਵੇ ਟਰੈਕ ਪਾਰ ਕਰ ਰਹੇ ਸਨ ਤਾਂ ਇਕ ਬੱਚਾ ਟਰੇਨ ਦੇ ਹੇਠਾਂ ਆ ਗਿਆ, ਜਿਸ ਕਾਰਨ ਉਸ ਦੀ ਦਰਦਨਾਕ ਮੌਤ ਹੋ ਗਈ। ਇਸ ਦੌਰਾਨ ਉਸ ਦੇ ਨਾਲ ਹੀ ਦੋ ਬੱਚੇ ਵਾਲ-ਵਾਲ ਬੱਚੇ ਗਏ। ਹਾਦਸੇ ਦੀ ਸੂਚਨਾ ਮਿਲਣ ਦੇ ਬਾਅਦ ਰੇਲਵੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਕੀਤੀ ਜਾ ਰਹੀ ਹੈ।

## 'ਆਪ' ਵਾਪਸ ਲਵੇਗੀ 8 ਉਮੀਦਵਾਰਾਂ ਦੇ ਨਾਂ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਲੋਕ ਸਭਾ ਚੋਣਾਂ ਲਈ ਪੰਜਾਬ ਵਿਚ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਗੱਠਜੋੜ ਨੂੰ ਲੈ ਕੇ ਵੱਡਾ ਦਾਅਵਾ ਕੀਤਾ ਹੈ। ਉਨ੍ਹਾਂ ਆਖਿਆ ਹੈ ਕਿ ਕੱਲ੍ਹ ਦਿੱਲੀ ਵਿਚ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੇ ਸੀਨੀਅਰ ਆਗੂਆਂ ਦੀ ਮੀਟਿੰਗ ਹੋਈ ਹੈ, ਜਿਸ ਵਿਚ ਗੱਠਜੋੜ ਦੀ ਗੱਲ ਤੁਰੀ ਹੈ। ਜਾਖੜ ਨੇ ਕਿਹਾ ਕਿ 'ਆਪ' ਦੇ ਐਲਾਨੇ 8 ਉਮੀਦਵਾਰ ਵੀ ਬਦਲੇ ਜਾ ਸਕਦੇ ਹਨ ਕਿਉਂਕਿ ਦਿੱਲੀ ਵਿਚ ਕਾਂਗਰਸ ਅਤੇ 'ਆਪ' ਵਿਚਾਲੇ ਗੱਠਜੋੜ ਦੀ ਗੱਲ ਚੱਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਨੂੰ ਲੈ ਕੇ ਕਾਂਗਰਸ ਅਤੇ 'ਆਪ' ਵਿਚਾਲੇ ਗੱਠਜੋੜ ਨੂੰ ਦਿੱਲੀ 'ਚ ਆਖਰੀ ਪੜਾਅ ਵਿਚ ਹੈ। ਜਾਖੜ ਨੇ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਵੱਲੋਂ ਐਲਾਨੇ ਗਏ 8 ਉਮੀਦਵਾਰਾਂ ਦੀ ਗ੍ਰਾਂਊਂਡ ਰਿਪੋਰਟ ਚੰਗੀ ਨਹੀਂ ਆਈ ਹੈ। ਇਸ ਵਿਚ ਲੋਕਾਂ ਨੂੰ ਬਦਲਾਅ ਦੇਖਣ ਨੂੰ ਮਿਲਣਗੇ। ਪਰਦੇ ਵਿਚ ਜਿਹੜੀ ਗੰਢ-ਤੁੱਪ ਚੱਲ ਰਹੀ ਸੀ, ਉਹ ਹੁਣ ਖੁੱਲ੍ਹ ਕੇ ਸਾਹਮਣੇ ਆਵੇਗੀ। ਜਾਖੜ ਨੇ ਕਿਹਾ ਕਿ ਹੋ ਸਕਦਾ ਹੈ ਕਿ ਇਸ ਲਿਸਟ ਨੂੰ ਨਵੇਂ ਸਿਰੇ ਤੋਂ ਘੋਖਿਆ ਜਾਵੇ। ਹੁਸ਼ਿਆਰਪੁਰ ਤੋਂ ਕਾਂਗਰਸ ਦੇ ਵਿਧਾਇਕ ਰਾਜ ਕੁਮਾਰ ਚੱਬੇਵਾਲ ਦਾ ਆਮ ਆਦਮੀ ਪਾਰਟੀ ਵਿਚ ਜਾਣਾ ਵੀ ਗੱਠਜੋੜ ਦਾ ਹਿੱਸਾ ਹੀ ਸੀ, ਪਰਦੇ ਪਿੱਛੇ ਚੱਲ ਰਹੀ ਗੱਲਬਾਤ ਹੁਣ ਕੁਝ ਦਿਨਾਂ 'ਚ ਸਾਹਮਣੇ ਆ ਜਾਵੇਗੀ। ਸੁਨੀਲ ਜਾਖੜ ਵੱਲੋਂ ਕੀਤੇ ਜਾ ਰਹੇ ਦਾਅਵੇ ਬਾਰੇ ਜਦੋਂ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਤੋਂ ਉਮੀਦਵਾਰ ਅਤੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਜਾਖੜ ਦੇ ਦਾਅਵੇ ਨੂੰ ਸਿਰੇ ਤੋਂ ਖਾਰਜ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀਆਂ ਬਦਲਣ ਦਾ ਪਰਮਟ ਸਿਰਫ ਜਾਖੜ ਕੋਲ ਹੈ। ਆਮ ਆਦਮੀ ਪਾਰਟੀ ਨੇ ਜੋ ਕਿਹਾ ਹੈ ਉਹ ਕਰਕੇ ਵਿਖਾਇਆ ਹੈ।

### ਮੀਤ ਹੇਅਰ ਨੂੰ ਸੰਗਰੂਰ ਲੋਕ ਸਭਾ ਦੇ ਉਮੀਦਵਾਰ ਬਣਾ ਕੇ

# ਆਪ ਨੇ ਨੌਜਵਾਨਾਂ ਦਾ ਦਿਲ ਜਿੱਤਿਆ : ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਸ਼੍ਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਦੇ ਲੋਕ ਸਭਾ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤਹਰ ਨੂੰ ਸੰਗਰੂਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਬਣਾਇਆ ਗਿਆ ਹੈ ਜਿਸ ਦੇ ਨਾਲ ਨੌਜਵਾਨਾਂ ਦੇ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵਕ ਖਾਲਿਦ ਖਾਨ ਦੁਗਨੀ, ਡਾ.ਅਮਨ ਜਾਤੀਮਾਜਰਾ, ਤਾਰਿਕ ਖਾਨ , ਜਾਵੇਦ ਖਾਨ ,ਆਰਿਫ ਸਟੀਲ ਮਿਸਤਰੀ, ਮੁਮਤਾਜ ਖਾਨ, ਨੇ ਕੀਤਾ। ਆਗੂਆਂ ਨੇ ਕਿਹਾ ਕਿ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਲੋਕ ਸਭਾ ਚੋਣਾਂ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਪੰਜਾਬ ਪੰਜਾਬੀਅਤ ਅਤੇ ਨੌਜਵਾਨਾਂ ਦੀ ਆਵਾਜ਼ ਬਣਨਗੇ ਉਹਨਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਮੀਤ ਹੇਅਰ ਨੂੰ ਉਮੀਦਵਾਰ ਬਣਾਉਣ ਦਾ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਗੁਰਮੀਤ ਸਿੰਘ ਮੀਤ ਹੇਅਰ ਨੂੰ ਸੰਗਰੂਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਬਣਨ ਤੇ ਮੁਬਾਰਕਬਾਦ ਦਿੰਦਿਆਂ ਆਗੂਆਂ ਨੇ ਕਿਹਾ ਕਿ ਸੰਗਰੂਰ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕੀਤੇ ਗਏ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ, ਆਉਣ ਵਾਲੇ ਨਤੀਜੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਆਉਣਗੇ ਗੁਰਮੀਤ ਸਿੰਘ ਮੀਤ ਹੇਅਰ ਵੱਡੇ ਮਾਰਜਨ ਨਾਲ ਜਿੱਤ ਕੇ ਆਮ ਆਦਮੀ ਪਾਰਟੀ ਦੀ ਕੇਂਦਰ ਚ ਬਣਨ ਵਾਲੀ ਸਰਕਾਰ ਦਾ ਹਿੱਸਾ ਬਣਨਗੇ।

### ਖੰਡ ਮਿੱਲ ਚਲਾਉਣ ਲਈ ਮੁੱਖ ਮੰਤਰੀ ਕੈਂਪ ਦਫ਼ਤਰ ਨੂੰ ਚੇਤਾਵਨੀ ਪੱਤਰ ਦਿੱਤਾ

# 23 ਮਾਰਚ ਤੋਂ ਪਿੰਡਾਂ ਵਿੱਚ ਰੋਸ ਰੈਲੀਆਂ ਕਰਨ ਦਾ ਐਲਾਨ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ ਵੱਖ ਕਿਸਾਨ ਜੱਥੇਬੰਦੀਆਂ ਦੇ ਆਗੂਆਂ ਵੱਲੋਂ ਅੱਜ ਸਥਾਨਕ ਮੁੱਖ ਮੰਤਰੀ ਕੈਂਪ ਦਫ਼ਤਰ ਵਿਖੇ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਇੱਕ ਚੇਤਾਵਨੀ ਪੱਤਰ ਸੌਂਪਦਿਆਂ ਅਗਾਮੀ ਸੀਜਨ ਲਈ ਖੰਡ ਮਿੱਲ ਨੂੰ ਚਲਾਉਣ ਦੀ ਮੰਗ ਕੀਤੀ ਗਈ। ਜਾਣਕਾਰੀ ਦਿੰਦਿਆਂ ਏਟਕ ਆਗੂ ਸੁਖਦੇਵ ਸ਼ਰਮਾ ਨੇ ਦੱਸਿਆ ਕਿ ਅੱਜ ਮੁੱਖ ਮੰਤਰੀ ਦੇ ਨਾਮ ਚੇਤਾਵਨੀ ਪੱਤਰ ਸੌਂਪਦਿਆਂ ਅਗਾਮੀ ਸੀਜਨ ਲਈ ਖੰਡ ਮਿੱਲ ਨੂੰ ਚਲਾਉਣ ਦੀ ਮੰਗ ਕੀਤੀ ਗਈ ਹੈ, ਕਿਉਂਕਿ ਇਸ ਸਾਲ ਦੀ ਖੰਡ ਮਿੱਲ ਨਾ ਚੱਲਣ ਕਾਰਨ ਕਿਸਾਨਾਂ ਨੂੰ ਆਪਣਾ ਗੰਨਾ ਵੇਚਣ ਵਿੱਚ ਬਹੁਤ ਮੁਸ਼ਕਲ ਹੋਈ ਹੈ ਅਤੇ ਖੱਜਲ ਖੁਆਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਜਲਦੀ ਸਰਕਾਰ ਨੇ ਐਲਾਨ ਨਾ ਕੀਤਾ ਤਿਾਂ 23 ਮਾਰਚ ਤੋਂ ਪਿੰਡਾਂ ਵਿੱਚ ਰੋਸ ਰੈਲੀਆਂ ਕਰਨ ਤੋਂ ਬਾਅਦ 2 ਅਪਰੈਲ ਨੂੰ ਮੁੱਖ ਮੰਤਰੀ ਦਫ਼ਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਮੇਜਰ ਸਿੰਘ ਪੁੰਨਾਂਵਾਲ, ਜਰਨੈਲ ਸਿੰਘ ਜਹਾਂਗੀਰ, ਨਿਰਮਲ ਸਿੰਘ ਬਟਰੀਆਣਾ, ਭੁਪਿੰਦਰ ਸਿੰਘ ਭੁੱਲਰਹੇੜੀ, ਜਗਦੇਵ ਸਿੰਘ, ਦਰਸ਼ਨ ਸਿੰਘ ਬੁਗਰਾ, ਜਸਪਾਲ ਸਿੰਘ, ਅਮਰੀਕ ਸਿੰਘ ਕਾਂਝਲਾ, ਰਣਜੀਤ ਸਿੰਘ ਹਰਚੰਦਪੁਰੀ ਆਦਿ ਵੀ ਹਾਜਰ ਸਨ।

# 23 ਮਾਰਚ ਨੂੰ ਸੰਗਰੂਰ ਪੁੱਜਣ ਦਾ ਫ਼ੈਸਲਾ



**ਧੂਰੀ, 18 ਮਾਰਚ ( ਰਣਜੀਤ ਸਿੰਘ ਪੇਧਨੀ )** -ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਸੀਨੀਅਰ ਮੀਤ ਪ੍ਰਧਾਨ ਗੁਰਬਚਨ ਸਿੰਘ ਹਰਚੰਦਪੁਰ ਅਤੇ ਬਲਾਕ ਖਜਾਨਚੀ ਕਿਰਪਾਲ ਸਿੰਘ ਬਟੂਹਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਰਾਮ ਲੀਲਾ ਗਰਾਊਂਡ ਦਿੱਲੀ ਵਿਖੇ ਹੋਈ ਮਹਾਂ ਪੰਚਾਇਤ ਵਿੱਚ ਪੁੱਜੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਅਕਾਲਗੜ੍ਹ ਸਾਹਿਬ ਸੰਗਰੂਰ ਵਿਖੇ ਪਹੁੰਚਣ ਦਾ ਫ਼ੈਸਲਾ ਕੀਤਾ ਗਿਆ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਖੰਡ ਮਿੱਲ ਨੂੰ ਜਲਦੀ ਚਲਾਉਣ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ ਸਰਪ੍ਰਸਤ, ਗੁਰਜੀਤ ਸਿੰਘ ਭੜੀ ਮਾਨਸਾ, ਦੀਦਾਰ ਸਿੰਘ ਬਰੜ੍ਹਵਾਲ, ਸ਼ੇਰ ਸਿੰਘ ਦੋਹਲਾ, ਮਲਕੀਤ ਸਿੰਘ, ਜਗਦੇਵ ਸਿੰਘ ਭੁੱਲਰਹੇੜੀ, ਨਿਰਭੈ ਸਿੰਘ ਅਤੇ ਅਵਤਾਰ ਸਿੰਘ ਭੱਟੀਆ ਵੀ ਹਾਜਰ ਸਨ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਿੰਡ ਕੜਿਆਲ ਅਤੇ ਖੜਿਆਲ ਵਿਖੇ ਕੇ.ਵੀ ਗਰਿੱਡ ਸਬ-ਸਟੇਸ਼ਨਾਂ ਦਾ ਨੀਂਹ ਪੱਥਰ ਰੱਖਿਆ

**ਦਿੜ੍ਹਬਾ, 18 ਮਾਰਚ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਿੰਡ ਕੜਿਆਲ ਅਤੇ ਖੜਿਆਲ ਵਿਖੇ ਕੇ.ਵੀ ਗਰਿੱਡ ਸਬ-ਸਟੇਸ਼ਨਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਲੋਕਾਂ ਨੂੰ ਪਿੰਡ ਕੜਿਆਲ ਵਿਖੇ ਸੰਬੋਧਨ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹੁਣ ਵੱਡੀ ਗਿਣਤੀ ਪਿੰਡਾਂ ਦੀ ਬਿਜਲੀ ਸਪਲਾਈ ਵਿੱਚ ਵੱਡਾ ਸੁਧਾਰ ਆਵੇਗਾ ਅਤੇ ਇਨ੍ਹਾਂ ਨਵੇਂ 66 ਕੇ.ਵੀ ਗਰਿੱਡ ਸਬ-ਸਟੇਸ਼ਨ ਲਈ 12.5 ਐਮ.ਵੀ.ਏ ਪਾਵਰ ਟਰਾਂਸਫਾਰਮਰ ਸਥਾਪਤ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਗਰਿੱਡ ਸਬ-ਸਟੇਸ਼ਨ ਦੀ ਉਸਾਰੀ ਲਈ 66 ਕੇ.ਵੀ ਲਾਈਨ 220 ਕੇ.ਵੀ ਗਰਿੱਡ ਸਬ-ਸਟੇਸ਼ਨ ਪਾਤੜਾਂ -ਦਿੜ੍ਹਬਾ ਤੋਂ 3.5 ਕਿਲੋਮੀਟਰ ਲਾਈਨ ਉਸਾਰ ਕੇ ਕੀਤੀ ਜਾਵੇਗੀ ਅਤੇ ਇਸ ਪ੍ਰੋਜੈਕਟ ਤੇ 3.32 ਕਰੋੜ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਇਹ ਗਰਿੱਡ ਸਬ-ਸਟੇਸ਼ਨ 31 ਦਸੰਬਰ ਤੱਕ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ ਅਤੇ ਇਸ ਗਰਿੱਡ ਦੇ ਬਣਨ ਨਾਲ਼ 66 ਕੇ.ਵੀ ਗਰਿੱਡ ਦਿੜ੍ਹਬਾ ਅਤੇ ਮੁਨਸ਼ੀਵਾਲਾ ਅਧੀਨ ਆਉਂਦੇ ਪਿੰਡ ਕੜਿਆਲ, ਰਤਨਗੜ੍ਹ ਸਿੰਧੜਾ, ਖੇਤਲਾ, ਧਰਮਗੜ੍ਹ ਛੰਨਾ, ਕਾਕੂਵਾਲਾ, ਕੈਂਪਰ, ਗਾਮੜੀ, ਦਿੜ੍ਹਬਾ ਅਤੇ ਰਾਮਪੁਰ ਛੰਨਾ ਨੂੰ ਲਾਭ ਮਿਲ਼ੇਗਾ। ਇਸੇ ਤਰ੍ਹਾਂ ਪਿੰਡ ਖੜਿਆਲ ਵਿਖੇ ਨਵਾਂ 66 ਕੇ.ਵੀ ਗਰਿੱਡ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਗਰਿੱਡ ਸਬ-ਸਟੇਸ਼ਨ ਦੀ ਉਸਾਰੀ ਲਈ 66 ਕੇ.ਵੀ ਲਾਈਨ 220 ਕੇ.ਵੀ ਗਰਿੱਡ ਸਬ-ਸਟੇਸ਼ਨ ਬੀ.ਬੀ.ਐਮ.ਬੀ ਸੰਗਰੂਰ-ਪਾਤੜਾ ਲਾਈਨ ਤੋਂ 4.4 ਕਿਲੋਮੀਟਰ ਨਵੀਂ ਲਾਈਨ ਉਸਾਰ ਕੇ ਕੀਤੀ ਜਾਵੇਗੀ ਅਤੇ ਇਸ ਪ੍ਰੋਜੈਕਟ ’ਤੇ 3.58 ਕਰੋੜ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਇਹ ਗਰਿੱਡ ਸਬ-ਸਟੇਸ਼ਨ 30 ਜੂਨ ਤੱਕ ਬਣ ਕੇ ਮੁਕੰਮਲ ਹੋਣ ਦੀ ਸੰਭਾਵਨਾ ਹੈ ਅਤੇ ਇਸ ਗਰਿੱਡ ਦੇ ਬਣਨ ਨਾਲ਼ 66 ਕੇ.ਵੀ ਗਰਿੱਡ ਸਬ-ਸਟੇਸ਼ਨ ਸੂਲਰ ਘਰਾਟ, ਕੁਲਾਰਾਂ, ਚੱਠਾ ਨੱਨਹੇੜਾ ਅਤੇ ਸੁਨਾਮ ਨੂੰ ਰਾਹਤ ਮਿਲੇਗੀ। ਉਨ੍ਹਾਂ ਦਸਿਆ ਕਿ ਇਹ ਗਰਿੱਡ ਬਣਨ ਨਾਲ਼ ਪਿੰਡ, ਖੜਿਆਲ, ਰਟੋਲਾ, ਬਿਸ਼ਨਪੁਰਾ, ਖੜਿਆਲ ਕੋਠੇ, ਮਰਦਖੇੜਾ, ਕੁਲਾਰਾਂ, ਸੂਲਰ ਅਤੇ ਮਹਿਲਾਂ ਪਿੰਡਾਂ ਨੂੰ ਲਾਭ ਮਿਲ਼ੇਗਾ। ਇਸ ਮੌਕੇ ਵਿੱਤ ਮੰਤਰੀ ਦੇ ਓ.ਐਸ.ਡੀ ਤਪਿੰਦਰ ਸਿੰਘ ਸੋਹੀ,ਐਸ.ਡੀ.ਐਮ ਰਾਜੇਸ਼ ਸ਼ਰਮਾ , ਡੀ.ਐਸ.ਪੀ ਪ੍ਰਿਥਵੀ ਸਿੰਘ ਚਹਿਲ, ਇੰਜ: ਰਤਨ ਕੁਮਾਰ ਮਿੱਤਲ ਉਪ ਮੁੱਖ ਇੰਜੀਨੀਅਰ, ਇੰਜ: ਮੁਨੀਸ਼ ਗਰਗ ਵਧੀਕ ਨਿਗਰਾਨ ਇੰਜੀਨੀਅਰ ਦਿੜ੍ਹਬਾ, ਇੰਜ: ਗੁਰਸਰਨ ਸਿੰਘ ਵਧੀਕ ਨਿਗਰਾਨ ਇੰਜੀਨੀਅਰ ਸੁਨਾਮ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚ, ਮੈਂਬਰ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਪਿੰਡ ਆਰਿਫਕੇ ਵਿਖੇ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਦੀ ਸ਼ਹੀਦੀ ਸਮਾਗਮ 22 ਮਾਰਚ ਨੂੰ ਮਨਾਈ ਜਾਵੇਗੀ—ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਪਿੰਡ ਆਰਿਫਕੇ ਵਿਖੇ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਸ਼ਹੀਦੀ ਸਮਾਗਮ ਉਨ੍ਹਾਂ ਦੇ ਗ੍ਰਹਿ ਪਿੰਡ ਆਰਿਫਕੇ ਵਿਖੇ ਮਨਾਈ ਜਾਵੇਗੀ। ਇਹ ਜਾਣਕਾਰੀ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਇਕ ਕੌਮੀ ਯੋਧਾ ਸੀ, ਜਿਸ ਨੇ ਸਾਕਾ ਨੀਲਾ ਤਾਰਾ 6 ਜੂਨ 1984 ਨੂੰ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਪਵਿੱਤਰਤਾ ਲਈ ਜੂਝਦੇ ਹੋਏ ਸ਼ਹੀਦੀ ਜਾਮਾ ਪੀ ਗਏ। ਇਸ ਮੌਕੇ 20 ਮਾਰਚ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਪ੍ਰਾਰੰਭ ਹੋਣਗੇ ਅਤੇ 22 ਮਾਰਚ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਸਿੱਖ ਕੌਮ ਦੇ ਮਹਾਂਪੁਰਸ਼ਾਂ, ਧਾਰਮਿਕ ਜਥੇਬੰਦੀਆਂ ਦੇ ਆਗੂ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ



ਜੀ ਦਲ ਬਾਬਾ ਬਿਧੀ ਚੰਦ ਜੀ ਛੀਨਾ ਗੁਰੂ ਕਾ ਸੀਨਾ, ਮੁਖੀ ਸੁਰ ਸਿੰਘ ਵਾਲੇ, ਸ੍ਰੀਮਾਨ ਸੰਤ ਬਾਬਾ ਸ਼ਿੰਦਰ ਸਿੰਘ ਜੀ ਫਤਹਿਗੜ੍ਹ ਸਭਰਾਵਾਂ ਵਾਲੇ, ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਅਤੇ ਦਾਸ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ, ਭਾਈ ਗੁਰਨਾਮ ਸਿੰਘ ਬੰਡਾਲਾ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਗਿਆਨੀ ਸੁਖਦੇਵ ਸਿੰਘ ਖਾਲਸਾ ਦਮਦਮੀ ਟਕਸਾਲ ਬੁਕਣ ਖਾਂ ਵਾਲੇ, ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਇਕਬਾਲ ਸਿੰਘ ਚੱਬਾ, ਜਥੇਦਾਰ ਪਰਗਟ ਸਿੰਘ ਵਾਹਕਾ, ਭਾਈ ਤੇਜਿੰਦਰ ਸਿੰਘ ਦਿਉਲ ਪੰਜਾਬ ਪ੍ਰਧਾਨ ਯੂਥ ਸ਼੍ਰੋਮਣੀ ਅਕਾਲੀ ਦਲ ਮਾਨ, ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਨ ਪੀ.ਪੀ ਮੈਂਬਰ, ਜਗਜੀਤ ਸਿੰਘ ਦਫਤਰ ਇਨਚਾਰਜ ਸ਼੍ਰੋਮਣੀ ਅਕਾਲੀ ਦਲ ਮਾਨ, ਭਾਈ ਦਲਜੀਤ ਸਿੰਘ ਮਹਾਲਮ ਪ੍ਰਧਾਨ ਸਾਈ ਮੀਆਂ ਮੀਰ ਫਾਊਂਡੇਸ਼ਨ, ਸੁਖਜਿੰਦਰ ਸਿੰਘ ਪ੍ਰਧਾਨ ਆਰਿਫਕੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਪਹੁੰਚ ਰਹੇ ਹਨ। ਭਾਈ ਰਣਜੀਤ ਸਿੰਘ ਨੇ ਅੱਗੇ ਦੱਸਿਆ ਕਿ ਭਾਵੇਂ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਬਰਸੀ ਜੂਨ ਮਹੀਨੇ ਵਿਚ ਹੁੰਦੀ ਹੈ, ਪਰ ਪਰਿਵਾਰਕ ਮੈਂਬਰਾਂ ਨੇ ਉਸ ਮਹੀਨੇ ਜਿਆਦਾ ਬਰਸੀਆਂ ਹੋਣ ਕਰਕੇ ਇਸ ਮਹੀਨੇ ਮਨਾਉਣ ਦਾ ਫੈਸਲਾ ਕੀਤਾ ਹੈ। ਇਸ ਮੌਕੇ ਤੇ ਨਿਹੰਗ ਸਿੰਘ ਵੱਲੋਂ ਗੱਤਕੇ ਦੇ ਜ਼ੌਹਰ ਵਿਖਾਏ ਜਾਣਗੇ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ ਨੇ ਸਮੂਹ ਜਥੇਬੰਦੀਆਂ ਦੇ ਆਗੂਆਂ, ਧਾਰਮਿਕ ਆਗੂਆਂ, ਪੰਥਕ ਹਿਤੈਸ਼ੀਆਂ ਨੂੰ ਅਤੇ ਭਾਰੀ ਗਿਣਤੀ ਵਿਚ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ ਗ੍ਰਹਿ ਵਿਖੇ 22 ਮਾਰਚ ਦਿਨ ਸ਼ੁਕਰਵਾਰ 2024 ਨੂੰ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਨੰਬਰ ਹਨ 75269—32425 ਅਤੇ 81950—21860 ਤੇ ਸੰਪਰਕ ਕਰ ਸਕਦੇ ਹੋ।

# ਲਾਹੌਰ ਵਿਖੇ 8 ਜੂਨ ਤੋਂ 17 ਜੂਨ ਤੱਕ ਹੋਵੇਗਾ ਸ਼ਹੀਦੀ ਜ਼ੋੜ ਮੇਲਾ—ਭੁੱਲਰ

ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਜੋੜ ਮੇਲਾ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ 8 ਜੂਨ ਤੋਂ 17 ਜੂਨ ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਮੀਤ ਪ੍ਰਧਾਨ ਹਰਜੀਤ ਸਿੰਘ ਨੇ ਦੱਸਿਆ ਕਿ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਬਰਸੀ 21 ਜੂਨ ਤੋਂ 30 ਜੂਨ ਤੱਕ ਮਨਾਇਆ ਜਾ ਰਿਹਾ ਹੈ। ਇਹ ਬਰਸੀ ਵੀ ਡੇਹਰਾ ਸਾਹਿਬ ਲਾਹੌਰ ਵਿਖੇ ਮਨਾਈ ਜਾਵੇਗੀ। ਸਿੱਖ ਯਾਤਰੀ ਆਪਣੇ ਪਾਸਪੋਰਟ ਰਬਾਬੀ ਭਾਈ ਮਰਦਾਨਾ ਸੁਸਾਇਟੀ ਪਾਸ ਬਗਦਾਦੀ ਗੇਟ ਵਿਖੇ ਜਮ੍ਹਾਂ ਕਰਵਾ ਸਕਦੇ ਹਨ ਅਤੇ ਆਪਣੇ ਨਾਲ ਦੋ ਫੋਟੋ, ਆਧਾਰ ਕਾਰਡ ਦੀ ਕਾਪੀ, ਇਕ ਪਾਸਪੋਰਟ ਦੀ ਕਾਪੀ ਨਾਲ ਪਾਸਪੋਰਟ ਜਮ੍ਹਾਂ ਕਰਵਾ ਸਕਦੇ ਹਨ। ਇਹ ਦੋਨੋਂ ਜਥੇ 10—10 ਦਿਨ ਦੇ ਹੋਣਗੇ, ਸ਼ਹੀਦੀ ਜ਼ੋੜ ਮੇਲਾ ਜਥਾ ਇਕ ਹਜ਼ਾਰ ਦਾ ਅਤੇ ਬਰਸੀ 500 ਦਾ ਜਥਾ ਹੋਵੇਗਾ, ਇਹ ਪਾਸਪੋਰਟ 20 ਅਪ੍ਰੈਲ ਤੱਕ ਲਏ ਜਾਣਗੇ, ਇਹ ਜਥੇ ਬੱਸਾਂ ਉਪਰ ਹੀ ਜਾਣਗੇ।




ਸਾਡੇ ਧਿਆਨ ਵਿੱਚ ਆਇਆ ਕਿ ਹਿੰਦੀ ਦੇ ਅਖ਼ਬਾਰ ਦੈਨਿਕ ਜਾਗਰਣ ਵਿੱਚ ਬੀਤੇ ਦਿਨ ਐਤਵਾਰ 17 ਮਾਰਚ 2024 ਨੂੰ ਪਿਤਾਂਬਰੀ ਕੰਪਨੀ ਦਾ ਇੱਕ ਇਸ਼ਿਤਹਾਰ ਛਾਪਿਆ ਗਿਆ ਹੈ, ਜਿਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਤਸਵੀਰ ਦੀ ਦੁਰਵਰਤੋਂ ਕਰਕੇ ਕੰਪਨੀ ਨੇ ਆਪਣੇ ਉਤਪਾਦ ਦੀ ਮਸ਼ਹੂਰੀ ਕੀਤੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਸੰਗਤ ਦੀ ਅਥਾਹ ਸ਼ਰਧਾ ਹੈ ਅਤੇ ਪਿਤਾਂਬਰੀ ਕੰਪਨੀ ਵੱਲੋਂ ਆਪਣੇ ਉਤਪਾਦ ਦੀ ਮਸ਼ਹੂਰੀ ਕਰਦਿਆਂ ਕੇਂਦਰੀ ਸਿੱਖ ਅਸਥਾਨ ਦੀ ਤਸਵੀਰ ਦੀ ਦੁਰਵਰਤੋਂ ਕਰਨਾ ਬੇਹੱਦ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਕੰਪਨੀ ਅਤੇ ਅਖ਼ਬਾਰ ਦੀ ਇਸ ਕਾਰਵਾਈ ਨਾਲ ਸਿੱਖ ਸੰਗਤ ਦੇ ਮਨਾਂ ਨੂੰ ਠੇਸ ਪਹੁੰਚੀ ਹੈ। ਸ. ਪ੍ਰਤਾਪ ਸਿੰਘ ਨੇ ਦੈਨਿਕ ਜਾਗਰਣ ਅਖ਼ਬਾਰ ਦੇ ਸੰਪਾਦਕ ਪਾਸ ਵੀ ਸਖ਼ਤ ਇਤਰਾਜ਼ ਪ੍ਰਗਟਾਇਆ ਹੈ ਕਿ ਅਜਿਹੇ ਇਸ਼ਿਤਹਾਰ ਨੂੰ ਛਾਪਣ ਤੋਂ ਪਹਿਲਾਂ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਨਾਲ ਰਾਬਤਾ ਕਰਨਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਕੇਵਲ ਮਾਇਕ ਲਾਭ ਲਈ ਧਾਰਮਿਕ ਭਾਵਨਾਵਾਂ ਦੇ ਨਾਲ ਖੇਡਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ ਅਤੇ ਇਸ ਮਾਮਲੇ ਦੇ ਸਬੰਧ ਵਿੱਚ ਅਖ਼ਬਾਰ ਅਤੇ ਕੰਪਨੀ ਦੋਵਾਂ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਹੋਰ ਕੰਪਨੀਆਂ ਅਤੇ ਅਖ਼ਬਾਰਾਂ ਨੂੰ ਵੀ ਹਿਦਾਇਤ ਕੀਤੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਰਾਬਤਾ ਕੀਤੇ ਬਿਨਾਂ ਅਜਿਹੇ ਕਿਸੇ ਵੀ ਇਸ਼ਿਤਹਾਰ ਨੂੰ ਨਾ ਛਾਪਿਆ ਜਾਵੇ ਜਿਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਹੋਵੇ ਜਾਂ ਇਸ ਦੀ ਦੁਰਵਰਤੋਂ ਹੋਵੇ ਤਾਂ ਜੋ ਪਵਿੱਤਰਤਾ ਕਾਇਮ ਰੱਖੀ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪਿੰਡ ਮਹਾਲਮ ਵਿਖੇ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕੇ ਵਾਲਿਆਂ ਦੀ ਯਾਦ ਵਿਚ ਸਲਾਨਾ ਜੋੜ ਮੇਲਾ 21 ਮਾਰਚ ਨੂੰ ਕਬੱਡੀ ਸ਼ੋਅ ਮੈਚ ਸ਼ਾਮ ਚਾਰ ਵਜੇ

ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਪਿੰਡ ਮਹਾਲਮ ਵਿਖੇ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕੇ ਵਾਲਿਆਂ ਦੀ ਯਾਦ ਵਿਚ ਸਲਾਨਾ ਜ਼ੋੜ ਮੇਲਾ 21 ਮਾਰਚ ਨੂੰ ਹੀ ਕਬੱਡੀ ਸ਼ੋਅ ਮੈਚ ਸ਼ਾਮ ਚਾਰ ਵਜੇ ਸ਼ੁਰੂ ਹੋਵੇਗਾ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਬੰਧਕ 25 ਮੈਂਬਰੀ ਕਮੇਟੀ ਨੇ ਦੱਸਿਆ ਕਿ ਸ਼ਾਮ ਚਾਰ ਵਜੇ ਕਬੱਡੀ ਮੈਚ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਐਨ.ਆਰ. ਆਈ ਨਕੋਦਰ




ਆਵਾਜ਼ਿ ਕੌਮ AWAZE QAUM International Newspaper & WEB TV

ਕਲੱਬ ਅਤੇ ਸੰਦੀਪ ਨੰਗਲ ਅੰਬੀਆਂ ਕਲੱਬ ਟੀਮਾਂ ਵਿਚਕਾਰ ਮੈਚ ਹੋਵੇਗਾ ਅਤੇ ਪਹਿਲਾ ਇਨਾਮ ਇਕ ਲੱਖ ਰੁਪਿਆਂ ਅਤੇ ਦੂਜਾ ਇਨਾਮ 80 ਹਜਾਰ ਰੁਪਏ ਦਿੱਤੇ ਜਾਣਗੇ। ਜ਼ੋੜ ਮੇਲਾ ਪ੍ਰਬੰਧਕ 25 ਮੈਂਬਰੀ ਕਮੇਟੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਸਲਾਨਾ ਜ਼ੋੜ ਮੇਲੇ ਵਿਚ ਭਾਰੀ ਗਿਣਤੀ ਵਿਚ ਪਹੁੰਚੋ ਅਤੇ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋ ਕੇ ਵਾਲਿਆਂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅਤੇ ਸ਼ਾਮ ਚਾਰ ਵਜੇ ਕਬੱਡੀ ਸ਼ੋਅ ਮੈਚ ਵਿਚ ਵੀ ਪਹੁੰਚਣ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਸਰਕਾਰ ਵੱਲੋਂ ਲੱਖਾ ਸਧਾਣਾ, ਭਾਨਾ ਸਿੱਧੂ ਨੂੰ ਰੋਸ ਪ੍ਰਦਰਸ਼ਨ 'ਚ ਜਾਣ ਤੋਂ ਰੋਕਣਾ ਲੋਕਤੰਤਰ ਦਾ ਘਾਣ ਹੈ: ਭੁੱਲਰ

**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਸਿੱਖ ਨੌਜਵਾਨ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਉਹਨਾਂ ਦੇ ਸਾਥੀਆਂ ਤੇ ਐਨਐਸਏ ਵਰਗੀਆਂ ਧਾਰਾਂ ਲਾ ਕੇ ਡਿੱਬਰੂਗੜ੍ਹ ਦੀ ਜੇਲ ਵਿੱਚ ਬੰਦ ਕਰਨਾ ਅਤੇ ਉਸ ਤੋਂ ਬਾਅਦ ਉਹਨਾਂ ਨੂੰ ਤੰਗ ਪਰੇਸ਼ਾਨ ਕਰਕੇ ਬਾਰ-ਬਾਰ ਜਲੀਲ ਕਰਨਾ ਲੋਕਤੰਤਰ ਦਾ ਘਾਣ ਹੈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਸਾਥੀਆਂ ਸਮੇਤ ਭੁੱਖ ਹੜਤਾਲ ਤੇ ਬੈਠੇ ਹਨ ਅਤੇ ਉਨਾਂ ਦਾ ਪਰਿਵਾਰ ਸ੍ਰੀ ਅੰਮ੍ਰਿਤਸਰ ਵਿਖੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਉਹਨਾਂ ਦੇ ਸਾਥੀਆਂ ਨੂੰ ਪੰਜਾਬ ਸਿਫਟ ਕਰਨ ਲਈ ਸ਼ਾਂਤਮਈ ਤਰੀਕੇ ਦੇ ਨਾਲ ਰੋਸ ਪ੍ਰਦਰਸ਼ਨ



ਆਵਾਜ਼ਿ ਕੌਮ AWAZE QAUM International Newspaper & WEB TV

ਕਰਕੇ ਪੰਜਾਬ ਸਿਫਟ ਕਰਨ ਦੀ ਮੰਗ ਕਰ ਰਿਹਾ ਹੈ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਰਕਰ ਤੇ ਪਾਰਟੀ ਦੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਆਪਣੀ ਦਿਨ ਪ੍ਰਤੀ ਦਿਨ ਹਾਜ਼ਰੀ ਲਵਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਸਰਦਾਰ ਵਾਸਬੀਰ ਸਿੰਘ ਭੁੱਲਰ ਨੇ ਕੀਤਾ। ਉਹਨਾਂ ਕਿਹਾ ਕਿ ਲੋਕ ਸਭਾ ਚੋਣਾਂ ਦਾ ਐਲਾਨ ਹੋਣ ਤੋਂ ਬਾਅਦ ਵੀ ਸਰਕਾਰ ਸਿੱਖ ਨੌਜਵਾਨਾਂ ਨੂੰ ਤੰਗ ਪਰੇਸ਼ਾਨ ਕਰ ਰਹੀ ਹੈ। ਕੱਲ ਰੋਸ ਪ੍ਰਦਰਸ਼ਨ ਦੇ ਵਿੱਚ ਹਾਜ਼ਰੀ ਲਵਾਉਣ ਦੇ ਲਈ ਜਾ ਰਹੇ ਨੌਜਵਾਨ ਆਗੂ ਲੱਖਾ ਸਧਾਣਾ, ਭਾਨਾ ਸਿੱਧੂ ਅਤੇ ਉਹਨਾਂ ਦੇ ਸਾਥੀਆਂ ਨੂੰ ਰੋਸ ਪ੍ਰਦਰਸ਼ਨ ਵਿੱਚ ਜਾਣ ਤੋਂ ਰੋਕਣ ਦੀ ਅਸੀਂ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦੇ ਹਾਂ। ਉਹਨਾਂ ਕਿਹਾ ਕਿ ਸਰਕਾਰਾਂ ਨੇ ਸਿੱਖ ਨੌਜਵਾਨਾਂ ਨੂੰ ਸਮੇਂ-ਸਮੇਂ ਤੇ ਦਬਾਉਣ ਦੀ ਕੋਸ਼ਿਸ਼ ਕੀਤੀ ਹੈ ਪਰ ਪੰਜਾਬ ਦੇ ਸਿੱਖ ਨੌਜਵਾਨ ਕਦੇ ਵੀ ਦਬਣ ਵਾਲੀ ਕੌਮ ਨਹੀਂ ਹੈ।

## ਪਟਿਆਲਾ ਜ਼ਿਲ੍ਹੇ 'ਚ ਧਾਰਾ-144 ਲਾਗੂ

**ਪਟਿਆਲਾ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਮੈਜਿਸਟ੍ਰੇਟ ਸ਼ੌਕਤ ਅਹਿਮਦ ਪਰੇ ਨੇ ਪਟਿਆਲਾ ਜ਼ਿਲ੍ਹੇ ਦੇ ਅਸਲਾ ਧਾਰਕਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ ਕਿ ਉਹ ਆਪਣਾ ਲਾਇਸੈਂਸੀ ਅਸਲਾ ਲੋਕਲ ਥਾਣੇ 'ਚ ਜਾਂ ਲਾਇਸੈਂਸੀ ਅਸਲਾ ਡੀਲਰਾਂ ਕੋਲ 22 ਮਾਰਚ ਸ਼ਾਮ 5 ਵਜੇ ਤੱਕ ਹਰ ਹਾਲ ਜਮ੍ਹਾਂ ਕਰਵਾਉਣ। ਲੋਕ ਸਭਾ ਚੋਣ ਅਮਲ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਫ਼ੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ-144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 15 ਮਈ 2024 ਤੱਕ ਲਾਗੂ ਰਹਿਣ ਵਾਲੇ ਇਕ ਤਰਫਾ ਹੁਕਮ ਜਾਰੀ ਕੀਤੇ ਹਨ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਕੀਤੇ ਇਹ ਹੁਕਮ ਆਰਮੀ ਪ੍ਰਸ਼ੋਨਲ, ਪੈਰਾ-ਮਿਲਟਰੀ ਫੋਰਸਜ਼, ਬਾਵਰਦੀ ਪੁਲਸ ਕਰਮਚਾਰੀਆਂ ਅਤੇ ਬੈਂਕਾਂ 'ਚ ਗਾਰਡ ਦੀ ਨੌਕਰੀ ਕਰਦੇ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਣਗੇ। ਆਪਸੀ ਨਫ਼ਰਤ, ਫਿਰਕਿਆਂ ਅਤੇ ਭਾਈਚਾਰਕ ਸਾਂਝ ਨੂੰ ਤੋੜਨ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ ਡੀ. ਸੀ. ਸ਼ੌਕਤ ਅਹਿਮਦ ਪਰੇ ਦੇ ਜਾਰੀ ਹੁਕਮਾਂ ਮੁਤਾਬਕ ਕੋਈ ਵੀ ਪਾਰਟੀ ਜਾਂ ਉਮੀਦਵਾਰ ਅਜਿਹੀ ਕਿਸੇ ਵੀ ਗਤੀਵਿਧੀ 'ਚ ਸ਼ਾਮਲ ਨਹੀਂ ਹੋਵੇਗਾ, ਜੋ ਆਪਸੀ ਭਾਈਚਾਰਿਆਂ ਦਰਮਿਆਨ ਕਿਸੇ ਤਰ੍ਹਾਂ ਦੇ ਮਤਭੇਦ ਵਧਾਵੇ ਜਾਂ ਆਪਸੀ ਨਫ਼ਰਤ ਪੈਦਾ ਕਰੇ ਜਾਂ ਫਿਰ ਵੱਖ-ਵੱਖ ਜਾਤਾਂ, ਫਿਰਕਿਆਂ, ਭਾਈਚਾਰਿਆਂ, ਧਾਰਮਿਕ ਜਾਂ ਭਾਸ਼ਾ ਬਾਰੇ ਦੁਵੱਲਾ ਤਣਾਅ ਪੈਦਾ ਕਰੇ। ਪਾਰਟੀਆਂ ਅਤੇ ਸੰਭਾਵੀ ਉਮੀਦਵਾਰ ਦੂਜੀ ਪਾਰਟੀ ਜਾਂ ਉਮੀਦਵਾਰਾਂ ਦੇ ਨਿੱਜੀ ਜੀਵਨ ਦੇ ਅਜਿਹੇ ਪਹਿਲੂਆਂ ਦੀ ਆਲੋਚਨਾ ਤੋਂ ਪਰਹੇਜ਼ ਕਰਨ, ਜੋ ਕਿ ਉਨ੍ਹਾਂ ਦੀਆਂ ਜਨਤਕ ਗਤੀਵਿਧੀਆਂ ਆਦਿ ਨਾਲ ਨਾ ਜੁੜਿਆ ਹੋਇਆ ਹੋਵੇ। ਡੀ. ਸੀ. ਸ਼ੌਕਤ ਅਹਿਮਦ ਪਰੇ ਵੱਲੋਂ ਜਾਰੀ ਆਦੇਸ਼ਾਂ ਤਹਿਤ ਵੋਟਾਂ ਹਾਸਲ ਕਰਨ ਲਈ ਜਾਤੀ ਜਾਂ ਫਿਰਕੂ ਭਾਵਨਾਵਾਂ ਦੀ ਕੋਈ ਅਪੀਲ ਨਹੀਂ ਕੀਤੀ ਜਾਵੇਗੀ। ਇਸੇ ਤਰ੍ਹਾਂ ਧਾਰਮਿਕ ਅਸਥਾਨਾਂ, ਜਿਨ੍ਹਾਂ 'ਚ ਗੁਰਦੁਆਰੇ, ਮੰਦਿਰ, ਮਸਜਿਦ, ਚਰਚ ਜਾਂ ਕੋਈ ਹੋਰ ਪੂਜਾ ਸਥਾਨ ਆਦਿ ਨੂੰ ਵੀ ਚੋਣ ਪ੍ਰਚਾਰ ਆਦਿ ਦੇ ਕੰਮ ਲਈ ਨਹੀਂ ਵਰਤਿਆ ਜਾਵੇਗਾ। ਸਾਰੀਆਂ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਉਨ੍ਹਾਂ ਸਾਰੀਆਂ ਅਜਿਹੀਆਂ ਗਤੀਵਿਧੀਆਂ ਤੋਂ ਬਚਣਾ ਚਾਹੀਦਾ ਹੈ, ਜੋ ਭ੍ਰਿਸ਼ਟ ਗਤੀਵਿਧੀਆਂ ਅਤੇ ਚੋਣ ਕਾਨੂੰਨ ਦੇ ਤਹਿਤ ਅਪਰਾਧ ਦੀ ਸ਼੍ਰੇਣੀ 'ਚ ਆਉਂਦੀਆਂ ਹਨ, ਜਿਵੇਂ ਕਿ ਵੋਟਰਾਂ ਨੂੰ ਪੈਸੇ ਜਾਂ ਕੋਈ ਕੀਮਤੀ ਵਸਤੂ ਦਾ ਲਾਲਚ ਦੇਕੇ ਭਰਮਾਉਣਾ, ਰਿਸ਼ਵਤ ਦੇਣਾ, ਵੋਟਰਾਂ ਨੂੰ ਡਰਾਉਣਾ ਤੇ ਧਮਕਾਉਣਾ। ਇਸ ਤੋਂ ਬਿਨ੍ਹਾਂ ਵੋਟਾਂ ਤੋਂ 48 ਘੰਟੇ ਪਹਿਲਾਂ ਪੋਲਿੰਗ ਸਟੇਸ਼ਨਾਂ ਦੇ 100 ਮੀਟਰ ਘੇਰੇ ਦੇ ਅੰਦਰ ਚੋਣ ਪ੍ਰਚਾਰ ਕਰਨਾ, ਇਸ ਸਮੇਂ ਦੌਰਾਨ ਜਨਤਕ ਮੀਟਿੰਗਾਂ ਕਰਨ ਦੀ ਮਨਾਹੀ ਹੈ, ਜਦੋਂ ਕਿ ਚੋਣਾਂ ਤੋਂ 48 ਘੰਟੇ ਪਹਿਲਾਂ ਤੇ ਵੋਟਾਂ ਪੈਣ ਦੀ ਪ੍ਰਕਿਰਿਆ ਬੰਦ ਹੋਣ ਦੀ ਮਿਆਦ ਤੱਕ ਵੋਟਰਾਂ ਨੂੰ ਪੋਲਿੰਗ ਸਟੇਸ਼ਨ ਤੱਕ ਛੱਡਣਾ ਅਤੇ ਪੋਲਿੰਗ ਸਟੇਸ਼ਨ ਤੋਂ ਲੈ ਕੇ ਜਾਣ ਦੀ ਵੀ ਮਨਾਹੀ ਹੋਵੇਗੀ। ਕਿਸੇ ਵੀ ਹਾਲਤ 'ਚ ਕਿਸੇ ਵੀ ਵਿਅਕਤੀਆਂ ਦੇ ਵਿਚਾਰਾਂ ਜਾਂ ਗਤੀਵਿਧੀਆਂ ਦਾ ਵਿਰੋਧ ਕਰਨ ਲਈ ਉਨ੍ਹਾਂ ਦੇ ਘਰਾਂ ਅੱਗੇ ਪ੍ਰਦਰਸ਼ਨ ਜਾਂ ਧਰਨੇ ਲਗਾਉਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰ ਇਹ ਯਕੀਨੀ ਬਣਾਉਣਗੇ ਕਿ ਉਨ੍ਹਾਂ ਦੇ ਸਮਰਥਕ ਦੂਜੀਆਂ ਪਾਰਟੀਆਂ ਵਲੋਂ ਆਯੋਜਿਤ ਮੀਟਿੰਗਾਂ ਅਤੇ ਜਲੂਸਾਂ 'ਚ ਰੁਕਾਵਟ ਨਾ ਪਾਉਣ ਜਾਂ ਇਨ੍ਹਾਂ 'ਚ ਕਿਸੇ ਤਰ੍ਹਾਂ ਦਾ ਵਿਘਨ ਪਾਉਣ ਦੀ ਕੋਸ਼ਿਸ਼ ਨਾ ਕਰਨ। ਕਿਸੇ ਇਕ ਸਿਆਸੀ ਪਾਰਟੀ ਦੇ ਵਰਕਰ ਜਾਂ ਹਮਦਰਦ ਕਿਸੇ ਹੋਰ ਸਿਆਸੀ ਪਾਰਟੀ ਵਲੋਂ ਆਯੋਜਿਤ ਜਨਤਕ ਮੀਟਿੰਗਾਂ ਵਿਚ ਜ਼ੁਬਾਨੀ ਜਾਂ ਲਿਖ਼ਤੀ ਰੂਪ 'ਚ ਜਾਂ ਆਪਣੀ ਪਾਰਟੀ ਦੇ ਪਰਚੇ ਆਦਿ ਵੰਡ ਕੇ ਵਿਘਨ ਨਹੀਂ ਪਾਉਣਗੇ। ਕਿਸੇ ਵੀ ਪਾਰਟੀ ਜਾਂ ਉਮੀਦਵਾਰ ਨੂੰ ਆਪਣੇ ਜਲਸੇ, ਜਲੂਸ, ਮਾਰਚ ਜਾਂ ਆਪਣੇ ਇਕੱਠੇ ਹੋਣ ਵਾਲੇ ਸਥਾਨ ਵਿਖੇ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਹਥਿਆਰ, ਲਾਠੀਆਂ ਜਾਂ ਅਪਰਾਧ ਦਾ ਕੋਈ ਹੋਰ ਹਥਿਆਰ, ਨਸ਼ੀਲੇ ਪਦਾਰਥ ਜਾਂ ਹੋਰ ਖ਼ਤਰਨਾਕ ਪਦਾਰਥ ਲੈ ਕੇ ਜਾਣ ਦੀ ਇਜਾਜ਼ਤ ਨਹੀਂ ਹੋਵੇਗੀ।